ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 19 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੩ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 22 ਸਤੰਬਰ ਤੋਂ ਪਨਬੱਸ ਤੇ ਪੀਆਰਟੀਸੀ ਦਾ ਮੁੜ ਹੋਵੇਗਾ ਮੁਕੰਮਲ ਚੱਕਾ ਜਾਮ

**ਨਵੀਂ ਦਿੱਲੀ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਰੋਡਵੇਜ਼, ਪਨਬੱਸ ਅਤੇ ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ (ਪੰਜਾਬ 25/11) ਨੇ ਆਪਣੀਆਂ ਮੰਗਾਂ ਨੂੰ ਲੈ ਕੇ 22 ਸਤੰਬਰ 2026 ਤੋਂ ਅਣਮਿੱਥੇ ਸਮੇਂ ਲਈ ਹੜਤਾਲ ’ਤੇ ਜਾਣ ਦਾ ਐਲਾਨ ਕੀਤਾ ਹੈ। ਯੂਨੀਅਨ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਮੁੱਖ ਮੰਤਰੀ ਅਤੇ ਟਰਾਂਸਪੋਰਟ ਮੰਤਰੀ ਦੀਆਂ ਰਿਹਾਇਸ਼ਾਂ ਦੇ ਬਾਹਰ ਵੀ ਧਰਨਾ ਦਿੱਤਾ ਜਾਵੇਗਾ। ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਸਰਕਾਰ ਪਿਛਲੇ ਸਾਢੇ ਚਾਰ ਸਾਲਾਂ ਤੋਂ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਠੇਕਾ ਪ੍ਰਣਾਲੀ ਖਤਮ ਕਰਨ ਦੇ ਨਾਂ ’ਤੇ ਸਿਰਫ਼ ਮੀਟਿੰਗਾਂ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕਰੀਬ 60 ਤੋਂ 65 ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਮੰਗਾਂ ਸਬੰਧੀ ਕੋਈ ਠੋਸ ਫੈਸਲਾ ਨਹੀਂ ਲਿਆ ਗਿਆ। ਗਿੱਲ ਨੇ ਕਿਹਾ ਕਿ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਉਨ੍ਹਾਂ ਨੂੰ ਪੂਰੀਆਂ ਤਨਖਾਹ ਤੇ ਹੋਰ ਸਹੂਲਤਾਂ ਦੇਣ ਦਾ ਵਾਅਦਾ ਕੀਤਾ ਸੀ। ਇਸ ਦੇ ਬਾਵਜੂਦ ਟਰਾਂਸਪੋਰਟ ਵਿਭਾਗ ਵਿੱਚ ਹੁਣ ਤੱਕ ਇੱਕ ਵੀ ਮੁਲਾਜ਼ਮ ਨੂੰ ਪੱਕਾ ਨਹੀਂ ਕੀਤਾ ਗਿਆ। ਉਨ੍ਹਾਂ ਦੋਸ਼ ਲਗਾਇਆ ਕਿ ਠੇਕੇਦਾਰਾਂ ਰਾਹੀਂ ਭਵਿੱਖ ਨਿਧੀ ਅਤੇ ਕਰਮਚਾਰੀ ਰਾਜ ਬੀਮਾ ਦੇ ਯੋਗਦਾਨ ਦੇ ਨਾਂ ’ਤੇ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਯੂਨੀਅਨ ਦੇ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ ਨੇ ਦੋਸ਼ ਲਗਾਇਆ ਕਿ ਸਰਕਾਰ ਸਰਕਾਰੀ ਬੱਸਾਂ ਦੀ ਗਿਣਤੀ ਵਧਾਉਣ ਦੀ ਬਜਾਏ ਕਿਲੋਮੀਟਰ ਸਕੀਮ ਨੂੰ ਉਤਸ਼ਾਹਿਤ ਕਰ ਰਹੀ ਹੈ।

## ਪਾਕਿਸਤਾਨ ’ਚ ਵੱਡਾ ਹਮਲਾ: ਖੈਬਰ ਪਖਤੂਨਖਵਾ ਦੀ ਮਸਜਿਦ ’ਚ

# ਨਮਾਜ਼ ਦੌਰਾਨ ਧਮਾਕਾ, 15 ਲੋਕਾਂ ਦੀ ਮੌਤ, ਕਈ ਜ਼ਖ਼ਮੀ !

**ਨਵੀਂ ਦਿੱਲੀ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਵਿੱਚ ਸ਼ੁੱਕਰਵਾਰ ਦੀ ਨਮਾਜ਼ ਦੌਰਾਨ ਇੱਕ ਮਸਜਿਦ ਵਿੱਚ ਜ਼ਬਰਦਸਤ ਧਮਾਕਾ ਹੋਣ ਦੀਆਂ ਖਬਰਾਂ ਸਾਹਮਣੇ ਆਈਆਂ ਹਨ। ਇਹ ਧਮਾਕਾ ਕੋਹਾਟ ਵਿੱਚ ‘ਓਲਡ ਪੁਲਿਸ ਲਾਈਨਜ਼’ ਨੇੜੇ ਸਥਿਤ ਇੱਕ ਮਸਜਿਦ ਵਿੱਚ ਹੋਇਆ। ਦੱਸਿਆ ਜਾ ਰਿਹਾ ਹੈ ਕਿ ਧਮਾਕੇ ਤੋਂ ਬਾਅਦ ਹਮਲਾਵਰਾਂ ਨੇ ਅੰਨ੍ਹੇਵਾਹ ਗੋਲੀਬਾਰੀ ਕੀਤੀ। ਸੂਤਰਾਂ ਅਨੁਸਾਰ, ਇਸ ਧਮਾਕੇ ਵਿੱਚ ਹੁਣ ਤੱਕ 15 ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਦਕਿ 25 ਤੋਂ ਵੱਧ ਲੋਕ ਜ਼ਖਮੀ ਦੱਸੇ ਜਾ ਰਹੇ ਹਨ। ਖੈਬਰ ਪਖਤੂਨਖਵਾ ਦੇ ਇੰਸਪੈਕਟਰ ਜਨਰਲ (97) ਜ਼ੁਲਫਿਕਾਰ ਹਮੀਦ ਨੇ ਪੁਸ਼ਟੀ ਕੀਤੀ ਕਿ ਧਮਾਕਾ ਕੋਹਾਟ ਪੁਲਿਸ ਲਾਈਨਜ਼ ਦੇ ਅੰਦਰ ਸਥਿਤ ਇੱਕ ਮਸਜਿਦ ਵਿੱਚ ਹੋਇਆ।



ਘਟਨਾ ਵਾਲੀ ਥਾਂ ’ਤੇ ਬਚਾਅ ਕਾਰਜ ਜਾਰੀ ਹਨ ਅਤੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ ਜਾ ਰਿਹਾ ਹੈ। ਮੁੱਢਲੀ ਜਾਂਚ ਤੋਂ ਪਤਾ ਲੱਗਦਾ ਹੈ ਕਿ ਵਿਸਫੋਟਕਾਂ ਨਾਲ ਭਰੀ ਇੱਕ ਗੱਡੀ ‘ਓਲਡ ਪੁਲਿਸ ਲਾਈਨਜ਼’ ਖੇਤਰ ਵਿੱਚ ਲਿਆਂਦੀ ਗਈ ਸੀ। ਹਾਲਾਂਕਿ, ਧਮਾਕੇ ਦੀ ਸਹੀ ਕਿਸਮ ਅਤੇ ਦੋਸ਼ੀਆਂ ਦੀ ਪਛਾਣ ਬਾਰੇ ਅਜੇ ਤੱਕ ਕੋਈ ਜਾਣਕਾਰੀ ਨਹੀਂ ਮਿਲੀ ਹੈ। ‘ਰੈਸਕਿਊ 1122’ ਦੇ ਬੁਲਾਰੇ ਬਿਲਾਲ ਅਹਿਮਦ ਫੈਜ਼ੀ ਨੇ ਦੱਸਿਆ ਕਿ ਬੰਬ ਧਮਾਕੇ ਦੀ ਸੂਚਨਾ ਮਿਲਣ ਤੋਂ ਤੁਰੰਤ ਬਾਅਦ ਟੀਮਾਂ ਮੌਕੇ ’ਤੇ ਪਹੁੰਚੀਆਂ ਅਤੇ ਬਚਾਅ ਕਾਰਜ ਸ਼ੁਰੂ ਕੀਤੇ। ਇਹ ਧਮਾਕਾ ਉਸ ਸਮੇਂ ਹੋਇਆ ਜਦੋਂ ਲੋਕ ਸ਼ੁੱਕਰਵਾਰ ਦੀ ਨਮਾਜ਼ ਅਦਾ ਕਰ ਰਹੇ ਸਨ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਨਾਲ ਪੂਰਾ ਇਲਾਕਾ ਹਿੱਲ ਗਿਆ ਅਤੇ ਮਸਜਿਦ ਤੇ ਆਸ-ਪਾਸ ਦੀਆਂ ਕਈ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ। ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਮਲਬੇ ਹੇਠ ਕਈ ਲੋਕ ਫਸੇ ਹੋ ਸਕਦੇ ਹਨ। ਇਸ ਦੌਰਾਨ, 97 ਜ਼ੁਲਫਿਕਾਰ ਹਮੀਦ ਨੇ ਦੱਸਿਆ ਕਿ ਧਮਾਕੇ ਤੋਂ ਬਾਅਦ ਪੁਲਿਸ ਮੁਲਾਜ਼ਮਾਂ ਅਤੇ ਹਥਿਆਰਬੰਦ ਅੱਤਵਾਦੀਆਂ ਵਿਚਕਾਰ ਗੋਲੀਬਾਰੀ ਹੋਈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੁਲਿਸ ਅੱਤਵਾਦ ਵਿਰੁੱਧ ਲੋਹ-ਦੀਵਾਰ ਵਾਂਗ ਡਟੀ ਹੋਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਅਜਿਹੇ ਕਾਇਰਾਨਾ ਹਮਲੇ ਉਨ੍ਹਾਂ ਦੇ ਇਰਾਦਿਆਂ ਨੂੰ ਕਮਜ਼ੋਰ ਨਹੀਂ ਕਰ ਸਕਦੇ ਅਤੇ ਸ਼ਹੀਦਾਂ ਦਾ ਖ਼ੂਨ ਅਜਾਈਂ ਨਹੀਂ ਜਾਵੇਗਾ; ਅੱਤਵਾਦੀਆਂ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਖ਼ਤ ਨਤੀਜੇ ਭੁਗਤਣੇ ਪੈਣਗੇ। ਮੁੱਖ ਮੰਤਰੀ ਨੇ ਘਟਨਾ ਬਾਰੇ ਵਿਸਤ੍ਰਿਤ ਰਿਪੋਰਟ ਮੰਗੀ ਹੈ।

## DGP ਦਾ ਭਤੀਜਾ ਲਾਰੈਂਸ ਗੈਂਗ ਦਾ ਸ਼ੂਟਰ ! ਮੁਹਾਲੀ ’ਚ ਦੋ ਵਪਾਰੀਆਂ ਤੇ ਫਿਲਮ ਪ੍ਰੋਡਿਊਸਰ ਦੇ ਘਰ ਫਾਈਰਿੰਗ ’ਚ 4 ਸ਼ੂਟਰ ਗ੍ਰਿਫ਼ਤਾਰ

**ਨਵੀਂ ਦਿੱਲੀ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ’ਚ ਦੋ ਵਪਾਰੀਆਂ ਤੇ ਫਿਲਮ ਪ੍ਰੋਡਿਊਸਰ ਦੇ ਘਰ ਫਾਈਰਿੰਗ ’ਚ ਪੁਲਿਸ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ 4 ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਇਸ ਗ੍ਰਿਫ਼ਤਾਰੀ ਤੋਂ ਬਾਅਦ ਵੱਡਾ ਖੁਲਾਸਾ ਕਰਦੇ ਹੋਏ ਦੱਸਿਆ ਕਿ ਇਨ੍ਹਾਂ ਸ਼ੂਟਰਾਂ ਵਿਚੋਂ ਇੱਕ ਆਕਾਸ਼ਦੀਪ, ਡੀਜੀਪੀ ਰੈਂਕ ਦੇ ਪੁਲਿਸ ਅਧਿਕਾਰੀ ਦਾ ਭਤੀਜਾ ਹੈ। ਪੁਲਿਸ ਦੇ ਅਨੁਸਾਰ, ਆਕਾਸ਼ਦੀਪ ਅਮਰੀਨ ਰਾਏ ਦਾ ਪੁੱਤਰ ਹੈ, ਜੋ ਇਸ ਸਾਲ ਮਾਰਚ ਵਿੱਚ ਪ੍ਰਾਪਰਟੀ ਡੀਲਰ ਚਮਨਪ੍ਰੀਤ ਸਿੰਘ ਚਿੰਨੀ ਕੁੱਬਾਹੇੜੀ ਦੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਵਿੱਚ ਜੇਲ੍ਹ ਵਿੱਚ ਹੈ। ਪੁਲਿਸ ਅਨੁਸਾਰ, ਹਰੇਕ ਪੀੜਤ ਨੂੰ 5 ਕਰੋੜ ਰੁਪਏ ਦੀ ਫਿਰੌਤੀ ਲਈ ਵਾਰ-ਵਾਰ ਕਾਲਾਂ ਆਈਆਂ, ਜਿਸ ਤੋਂ ਬਾਅਦ ਬਾਈਕ ਸਵਾਰ ਹਮਲਾਵਰਾਂ ਨੇ ਉਨ੍ਹਾਂ ਨੂੰ ਡਰਾਉਣ ਲਈ ਉਨ੍ਹਾਂ ਦੇ ਘਰਾਂ ’ਤੇ ਗੋਲੀਆਂ ਚਲਾਈਆਂ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਆਕਾਸ਼ਦੀਪ ਸਿੰਘ (23), ਸੈਕਟਰ 35-ਏ, ਚੰਡੀਗੜ੍ਹ ਦਾ ਰਹਿਣ ਵਾਲਾ; ਪ੍ਰਵੀਨ ਕੁਮਾਰ (23), ਲਹਿਰਾ ਸੋਢਾ ਪਿੰਡ, ਬਠਿੰਡਾ ਦਾ ਰਹਿਣ ਵਾਲਾ; ਜਸਮਨਦੀਪ ਸਿੰਘ (20), ਅੰਸਲ ਕਲੋਨੀ, ਖਰੜ ਦਾ ਰਹਿਣ ਵਾਲਾ ਅਤੇ ਦੁਸ਼ਾਂਤ ਸ਼ਰਮਾ (27), ਪਿੰਡ ਸ਼ੇਖਪੁਰਾ, ਯਮੁਨਾਨਗਰ ਦਾ ਰਹਿਣ ਵਾਲਾ ਵਜੋਂ ਹੋਈ ਹੈ। ਦੁਸ਼ਾਂਤ ਵਿਰੁੱਧ ਸੋਹਾਣਾ ਪੁਲਿਸ ਸਟੇਸ਼ਨ ਵਿੱਚ ਪਹਿਲਾਂ ਹੀ ਹੁੜਦੰਗ ਦਾ ਮਾਮਲਾ ਦਰਜ ਹੈ। ਉਨ੍ਹਾਂ ਤੋਂ ਪੰਜ ਪਿਸਤੌਲ, 12 ਕਾਰਤੂਸ ਅਤੇ ਇੱਕ ਐਸਯੂਵੀ ਜ਼ਬਤ ਕੀਤੀ ਗਈ ਹੈ। ਮੁਹਾਲੀ ਪੁਲਿਸ ਨੇ ਕਾਰੋਬਾਰੀਆਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਘਟਨਾਵਾਂ ਨੂੰ ਹੁਣ ਤੱਕ ਗੁਪਤ ਰੱਖਿਆ ਸੀ ਅਤੇ ਅੱਜ ਇਨ੍ਹਾਂ ਮਾਮਲਿਆਂ ਦੀ ਲੜੀ ਦਾ ਖੁਲਾਸਾ ਕੀਤਾ। ਗ੍ਰਿਫ਼ਤਾਰੀਆਂ ਤੋਂ ਪਹਿਲਾਂ ਦੋ ਮੁਕਾਬਲੇ ਵੀ ਹੋਏ ਸਨ। ਹੁਣ ਸਾਹਮਣੇ ਆਇਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦਾ ਪਿੱਛਾ ਕਰਦੇ ਸਮੇਂ ਕੁਝ ਸੀਨੀਅਰ ਪੁਲਿਸ ਅਧਿਕਾਰੀ ਜਾਂਚ ਵਿੱਚ ਗਲਤ ਦਿਸ਼ਾ ਵੱਲ ਚਲੇ ਗਏ ਸਨ। ਪੁਲਿਸ ਹੁਣ ਮੁਕਾਬਲਿਆਂ ਦੌਰਾਨ ਕਾਬੂ ਕੀਤੇ ਗਏ ਦੋ ਸ਼ੱਕੀਆਂ ਦੀ ਹੋਰ ਮਾਮਲਿਆਂ ਵਿੱਚ ਭੂਮਿਕਾ ਦੀ ਵੀ ਜਾਂਚ ਕਰ ਰਹੀ ਹੈ। ਇਨ੍ਹਾਂ ਵਿੱਚ ਗੁਰਦੀਤ ਸਿੰਘ, ਜਿਸ ਨੂੰ 10 ਸਤੰਬਰ ਨੂੰ ਅਤੇ ਮਨੀਸ਼, ਜਿਸ ਨੂੰ 13 ਸਤੰਬਰ ਨੂੰ ਕਾਬੂ ਕੀਤਾ ਗਿਆ ਸੀ, ਸ਼ਾਮਲ ਹਨ।

## ਦਿੱਲੀ ਸਰਕਾਰ ਵੱਲੋਂ ਜਗਤਾਰ ਹਵਾਰਾ ਨੂੰ ਪੰਜਾਬ ਦੀ ਜੇਲ੍ਹ ’ਚ ਭੇਜਣ ਦਾ ਵਿਰੋਧ

**ਨਵੀਂ ਦਿੱਲੀ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਰਕਾਰ ਨੇ ਭਾਈ ਜਗਤਾਰ ਸਿੰਘ ਹਵਾਰਾ ਦੀ ਦਿੱਲੀ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦੀ



ਪਟੀਸ਼ਨ ਦਾ ਸੁਪਰੀਮ ਕੋਰਟ ਵਿੱਚ ਵਿਰੋਧ ਕੀਤਾ ਹੈ। ਸਰਕਾਰ ਨੇ ਇਸ ਸਬੰਧੀ ਸੁਰੱਖਿਆ ਚਿੰਤਾਵਾਂ ਦਾ ਹਵਾਲਾ ਦਿੱਤਾ ਹੈ। ਦਿੱਲੀ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਜਸਟਿਸ ਐੱਮ.ਐੱਮ. ਸੁੰਦਰੇਸ਼ ਦੀ ਅਗਵਾਈ ਵਾਲੇ ਬੈਂਚ ਨੂੰ ਦੱਸਿਆ, “ਇਹ ਅਜਿਹਾ ਮਾਮਲਾ ਹੈ ਜਿੱਥੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਦੇ ਕਤਲ ਦਾ ਦੋਸ਼ੀ ਵਿਅਕਤੀ ਪੰਜਾਬ ਦੀ ਜੇਲ੍ਹ ਵਿੱਚ ਵਾਪਸ ਜਾਣਾ ਚਾਹੁੰਦਾ ਹੈ।” ਇਹ ਦੱਸਦੇ ਹੋਏ ਕਿ ਉਹ ਪਹਿਲਾਂ ਵੀ ਜੇਲ੍ਹ ਵਿੱਚੋਂ ਫ਼ਰਾਰ ਹੋ ਚੁੱਕਾ ਸੀ, ਮਹਿਤਾ ਨੇ ਕਿਹਾ ਕਿ ਐੱਨਸੀਟੀ ਦੋਸ਼ੀ ਨੂੰ ਦੁਬਾਰਾ ਸੂਬੇ (ਪੰਜਾਬ) ਵਿੱਚ ਭੇਜੇ ਜਾਣ ਦੇ ਖ਼ਿਲਾਫ਼ ਹੈ। ਉਨ੍ਹਾਂ ਬੈਂਚ ਨੂੰ ਦੱਸਿਆ ਕਿ ਐੱਨਸੀਟੀ ਸਰਕਾਰ ਇਹ ਤਰਜੀਹ ਦੇਵੇਗੀ ਕਿ ਹਵਾਰਾ ਤਿਹਾੜ ਜੇਲ੍ਹ ਵਿੱਚ ਹੀ ਬੰਦ ਰਹੇ। ਬੱਬਰ ਖਾਲਸਾ ਦਾ ਮੈਂਬਰ ਭਾਈ ਹਵਾਰਾ 1995 ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਨਾਲ ਸਬੰਧਤ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਉਸਨੇ ਇਸ ਆਧਾਰ ’ਤੇ ਪੰਜਾਬ ਦੀ ਇੱਕ ਜੇਲ੍ਹ ਵਿੱਚ ਆਪਣੇ ਤਬਾਦਲੇ ਦੀ ਮੰਗ ਕੀਤੀ ਹੈ ਕਿ ਉਸਨੇ ਜੇਲ੍ਹ ਵਿੱਚ ਚੰਗੇ ਆਚਰਣ ਦਾ ਪ੍ਰਦਰਸ਼ਨ ਕੀਤਾ ਸੀ, ਇਹ ਅਪਰਾਧ ਸਮਾਜਿਕ ਅਸ਼ਾਂਤੀ ਦੇ ਸਮੇਂ ਕੀਤਾ ਗਿਆ ਸੀ ਅਤੇ ਉਸਦੀ ਧੀ ਪੰਜਾਬ ਵਿੱਚ ਰਹਿੰਦੀ ਸੀ। ਉਸਨੇ ਦਲੀਲ ਦਿੱਤੀ ਹੈ ਕਿ ਜੇਲ੍ਹ ਤੋੜਨ ਵਿੱਚ ਸ਼ਾਮਲ ਸਾਰੇ ਸਹਿ-ਦੋਸ਼ੀ ਪੰਜਾਬ ਦੀਆਂ ਜੇਲ੍ਹਾਂ ਵਿੱਚ ਸਨ ਅਤੇ ਡਾਇਰੈਕਟਰ ਜਨਰਲ (ਜੇਲ੍ਹਾਂ) ਨੇ ਲਗਭਗ ਅੱਠ ਸਾਲ ਪਹਿਲਾਂ 7 ਅਕਤੂਬਰ, 2016 ਨੂੰ ਉਸਨੂੰ ਪੰਜਾਬ ਦੀ ਇੱਕ ਜੇਲ੍ਹ ਵਿੱਚ ਤਬਦੀਲ ਕਰਨ ਦੀ ਸਿਫਾਰਸ਼ ਕੀਤੀ ਸੀ। ਉਸਨੇ ਇਹ ਵੀ ਦਾਅਵਾ ਕੀਤਾ ਕਿ ਦਿੱਲੀ ਵਿੱਚ ਉਸਦੇ ਵਿਰੁੱਧ ਇੱਕ ਵੀ ਕੇਸ ਲੰਬਿਤ ਨਹੀਂ ਹੈ ਅਤੇ ਉਹ ਪੰਜਾਬ ਵਿੱਚ ਲੰਬਿਤ ਕਿਸੇ ਕੇਸ ਵਿੱਚ ਕਾਰਵਾਈ ਵਿੱਚ ਸ਼ਾਮਲ ਹੋਣ ਵਿੱਚ ਅਸਮਰੱਥ ਹੈ। ਹਾਲਾਂਕਿ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅਕਤੂਬਰ 2010 ਵਿੱਚ ਭਾਈ ਜਗਤਾਰ ਸਿੰਘ ਹਵਾਰਾ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਅਤੇ ਹਾਈ ਕੋਰਟ ਦੇ ਹੁਕਮਾਂ ਵਿਰੁੱਧ ਸਰਕਾਰੀ ਵਕੀਲ ਦੀ ਅਪੀਲ ਸੁਪਰੀਮ ਕੋਰਟ ਵਿੱਚ ਲੰਬਿਤ ਸੀ। ਰਾਜੋਆਣਾ ਦੀ ਰਹਿਮ ਪਟੀਸ਼ਨ 12 ਸਾਲਾਂ ਤੋਂ ਵੱਧ ਸਮੇਂ ਤੋਂ ਲਟਕ ਰਹੀ ਹੈ। ਸਿਖਰਲੀ ਅਦਾਲਤ ਨੇ 27 ਸਤੰਬਰ, 2024 ਨੂੰ, ਦਿੱਲੀ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਕਰਨ ਵਾਲੀ ਉਸਦੀ ਪਟੀਸ਼ਨ ’ਤੇ ਕੇਂਦਰ ਅਤੇ ਦਿੱਲੀ ਅਤੇ ਪੰਜਾਬ ਸਰਕਾਰਾਂ ਨੂੰ ਨੋਟਿਸ ਜਾਰੀ ਕੀਤਾ ਸੀ।

## ਜੱਗੀ ਜੋਹਲ ਨੂੰ ਲੰਬੀ ਕਾਨੂੰਨੀ ਲੜਾਈ ਮਗਰੋਂ ਸੱਤ ਕੇਸਾਂ ਵਿੱਚ ਮਿਲੀ ਜ਼ਮਾਨਤ, ਰਿਹਾਈ ਦਾ ਰਾਹ ਸਾਫ਼—ਨੌ ਸਾਲਾਂ ਦੀ ਕੈਦ ਨੇ ਖੜ੍ਹੇ ਕੀਤੇ ਨਿਆਂ ਪ੍ਰਣਾਲੀ ’ਤੇ ਗੰਭੀਰ ਸਵਾਲ

ਨਵੀਂ ਦਿੱਲੀ 18 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਬਰਤਾਨਵੀ ਨਾਗਰਿਕ ਜਗਤਾਰ ਸਿੰਘ ਜੋਹਲ ਉਰਫ਼ ਜੱਗੀ ਨੂੰ ਦਿੱਲੀ ਹਾਈ ਕੋਰਟ ਨੇ ਅੱਜ ਵੱਡੀ ਰਾਹਤ ਦਿੰਦਿਆਂ ਰਾਸ਼ਟਰੀ ਜਾਂਚ ਏਜੰਸੀ ਵੱਲੋਂ ਦਰਜ ਸੱਤ ਕਤਲ ਅਤੇ ਯੂਏਪੀਏ ਨਾਲ ਸਬੰਧਤ ਮਾਮਲਿਆਂ ਵਿੱਚ ਜ਼ਮਾਨਤ ਦੇ ਦਿੱਤੀ ਹੈ। ਜੱਗੀ ਨਵੰਬਰ 2017 ਤੋਂ ਭਾਰਤੀ ਜੇਲ੍ਹ ਵਿੱਚ ਬੰਦ ਹੈ ਅਤੇ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਮਿਲੀ ਇਸ ਰਾਹਤ ਉਪਰੰਤ ਜ਼ਮਾਨਤੀ ਬਾਂਡ ਅਤੇ ਹੋਰ ਕਾਨੂੰਨੀ ਕਾਰਵਾਈ ਪੂਰੀ ਹੋਣ ’ਤੇ ਉਸ ਦੀ ਰਿਹਾਈ ਦੀ ਉਮੀਦ ਹੈ। ਹਾਈ ਕੋਰਟ ਦਾ ਵਿਸਥਾਰਤ ਹੁਕਮ ਹਾਲੇ ਜਾਰੀ ਹੋਣਾ ਬਾਕੀ ਹੈ। ਜੱਗੀ ਦੀ ਗ੍ਰਿਫ਼ਤਾਰੀ ਦਾ ਢੰਗ ਵੀ ਸ਼ੁਰੂ ਤੋਂ ਹੀ ਸਵਾਲਾਂ ਦੇ ਘੇਰੇ ਵਿੱਚ ਰਿਹਾ ਹੈ। ਉਹ 4 ਨਵੰਬਰ 2017 ਨੂੰ ਵਿਆਹ ਲਈ ਪੰਜਾਬ ਆਇਆ ਹੋਇਆ ਸੀ ਅਤੇ ਆਪਣੀ ਪਤਨੀ ਨਾਲ ਬਾਹਰ ਗਿਆ ਸੀ, ਜਦੋਂ ਸਾਦੇ ਕੱਪੜਿਆਂ ਵਿੱਚ ਆਏ ਪੁਲਿਸ ਮੁਲਾਜ਼ਮਾਂ ਵੱਲੋਂ ਉਸ ਨੂੰ ਕਾਬੂ ਕਰਕੇ ਲਿਜਾਇਆ ਗਿਆ। ਬਾਅਦ ਵਿੱਚ ਜੱਗੀ ਨੇ ਦੋਸ਼ ਲਗਾਇਆ ਕਿ ਪੁਲਿਸ ਹਿਰਾਸਤ ਦੌਰਾਨ ਉਸ ਨਾਲ ਅਣਮਨੁੱਖੀ ਤਸ਼ੱਦਦ ਕੀਤਾ ਗਿਆ—ਉਸ ਦੇ ਕੰਨਾਂ,



ਨਿੱਪਲਾਂ ਅਤੇ ਜਣਨ ਅੰਗਾਂ ’ਤੇ ਕਰੰਟ ਲਗਾਇਆ ਗਿਆ, ਨੀਂਦ ਤੋਂ ਵਾਂਝਾ ਰੱਖਿਆ ਗਿਆ ਅਤੇ ਸਰੀਰ ਨੂੰ ਦਰਦਨਾਕ ਢੰਗ ਨਾਲ ਖਿੱਚਿਆ ਗਿਆ। ਉਸ ਨੇ ਇਹ ਵੀ ਦੱਸਿਆ ਕਿ ਉਸ ਨੂੰ ਜਾਨੋਂ ਮਾਰਨ ਅਤੇ ਸਾੜ ਦੇਣ ਦੀਆਂ ਧਮਕੀਆਂ ਦਿੱਤੀਆਂ ਗਈਆਂ ਅਤੇ ਖਾਲੀ ਕਾਗਜ਼ਾਂ ’ਤੇ ਦਸਤਖ਼ਤ ਕਰਨ ਲਈ ਮਜਬੂਰ ਕੀਤਾ ਗਿਆ। ਇਹ ਉਸ ਦੇ ਦਾਅਵੇ ਹਨ, ਜਿਨ੍ਹਾਂ ਦੀ ਜਾਂਚ ਦੀ ਮੰਗ ਮਨੁੱਖੀ ਅਧਿਕਾਰ ਸੰਗਠਨਾਂ ਅਤੇ ਸੰਯੁਕਤ ਰਾਸ਼ਟਰ ਦੇ ਮਾਹਿਰਾਂ ਵੱਲੋਂ ਵੀ ਉਠਾਈ ਗਈ ਹੈ। ਸਾਲਾਂ ਦੀ ਹਿਰਾਸਤ ਅਤੇ ਹੁਣ ਸੱਤ ਮਾਮਲਿਆਂ ਵਿੱਚ ਜ਼ਮਾਨਤ ਨੇ ਇਸ ਪੂਰੇ ਮਾਮਲੇ ਦੀ ਜਾਂਚ, ਸਬੂਤਾਂ ਅਤੇ ਲੰਬੀ ਕਾਨੂੰਨੀ ਪ੍ਰਕਿਰਿਆ ਨੂੰ ਮੁੜ ਚਰਚਾ ਦੇ ਕੇਂਦਰ ਵਿੱਚ ਲਿਆ ਦਿੱਤਾ ਹੈ। ਜੱਗੀ ਦੇ ਵਕੀਲ ਲੰਬੇ ਸਮੇਂ ਤੋਂ ਉਸ ਵਿਰੁੱਧ ਲੱਗੇ ਦੋਸ਼ਾਂ ਅਤੇ ਕਥਿਤ ਇਕਬਾਲੀਆ ਬਿਆਨ ਦੀ ਭਰੋਸੇਯੋਗਤਾ ’ਤੇ ਸਵਾਲ ਉਠਾਉਂਦੇ ਰਹੇ ਹਨ, ਜਦਕਿ ਜਾਂਚ ਏਜੰਸੀ ਨੇ ਉਸ ’ਤੇ ਕਥਿਤ ਸਾਜ਼ਿਸ਼ ਵਿੱਚ ਸ਼ਾਮਲ ਹੋਣ ਦੇ ਦੋਸ਼ ਲਗਾਏ ਹਨ। ਜ਼ਮਾਨਤ ਨੂੰ ਬਰੀ ਹੋਣ ਦਾ ਅੰਤਿਮ ਫ਼ੈਸਲਾ ਨਹੀਂ ਮੰਨਿਆ ਜਾ ਸਕਦਾ, ਪਰ ਇੰਨੀ ਲੰਬੀ ਹਿਰਾਸਤ ਤੋਂ ਬਾਅਦ ਮਿਲੀ ਇਹ ਰਾਹਤ ਇਹ ਸਵਾਲ ਜ਼ਰੂਰ ਮੁੜ ਖੜ੍ਹਾ ਕਰਦੀ ਹੈ ਕਿ ਸਖ਼ਤ ਕਾਨੂੰਨਾਂ ਤਹਿਤ ਗ੍ਰਿਫ਼ਤਾਰ ਵਿਅਕਤੀ ਨੂੰ ਮੁਕੱਦਮੇ ਦੇ ਅੰਤਿਮ ਨਤੀਜੇ ਤੱਕ ਸਾਲਾਂ ਜੇਲ੍ਹ ਵਿੱਚ ਰੱਖਣ ਦੀ ਪ੍ਰਥਾ ਨਿਆਂ ਦੇ ਬੁਨਿਆਦੀ ਸਿਧਾਂਤਾਂ ਨਾਲ ਕਿੰਨੀ ਮੇਲ ਖਾਂਦੀ ਹੈ। ਯੂਏਪੀਏ ਵਰਗੇ ਕਾਨੂੰਨਾਂ ਦੀ ਵਰਤੋਂ, ਖ਼ਾਸ ਕਰਕੇ ਘੱਟਗਿਣਤੀ ਭਾਈਚਾਰਿਆਂ ਨਾਲ ਜੁੜੇ ਮਾਮਲਿਆਂ ਵਿੱਚ, ਮਨੁੱਖੀ ਅਧਿਕਾਰਾਂ ਅਤੇ ਨਿਆਂਇਕ ਨਿਗਰਾਨੀ ਸਬੰਧੀ ਲਗਾਤਾਰ ਚਰਚਾ ਦਾ ਵਿਸ਼ਾ ਰਹੀ ਹੈ। ਇਸ ਮਾਮਲੇ ਵਿਚ ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਅਤੇ ਸਰਦਾਰ ਪਰਮਜੀਤ ਸਿੰਘ ਅਦਾਲਤ ਅੰਦਰ ਜੱਗੀ ਜੋਹਲ ਸਮੇਤ ਹੋਰ ਨਾਮਜਦ ਸਿੰਘਾਂ ਵਲੋਂ ਪੇਸ਼ ਹੋ ਰਹੇ ਹਨ।

## ‘Mr Singh’ ਪੋਸਟਰ ਵਿਵਾਦ ਪਿੱਛੋਂ; ਅਮਰੀਕਾ ’ਚ ਸਿੱਖ ਟਰੱਕ ਡਰਾਈਵਰ ’ਤੇ 17 ਵਾਰੀ ਚਾਕੂਆਂ ਨਾਲ ਹਮਲਾ, ਮੁਲਜ਼ਮ ਗ੍ਰਿਫ਼ਤਾਰ

**ਸੈਕਰਾਮੈਂਟੋ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੈਕਰਾਮੈਂਟੋ ਦੇ ਇੱਕ 28 ਸਾਲਾ ਪੰਜਾਬੀ ਸਿੱਖ ਟਰੱਕ ਡਰਾਈਵਰ ’ਤੇ ਇੱਕ ਰੈਸਟ ਸਟਾਪ ’ਤੇ 17 ਵਾਰ ਚਾਕੂ ਨਾਲ ਹਮਲਾ ਕੀਤਾ ਗਿਆ, ਜਿਸ ਕਾਰਨ ਉਸਦੀ ਗਰਦਨ, ਛਾਤੀ, ਬਾਹਾਂ ਅਤੇ ਪਸਲੀਆਂ ਵਿੱਚ ਗੰਭੀਰ ਸੱਟਾਂ ਲੱਗੀਆਂ। ਇਹ ਹਮਲਾ ਇੰਟਰਸਟੇਟ 80 ਦੇ ਨਾਲ ਬਿਟਰ ਕਰੀਕ ਰੈਸਟ ਏਰੀਆ ’ਤੇ ਹੋਇਆ, ਜਦੋਂ ਡਰਾਈਵਰ ਗੁਰਵਿੰਦਰ ਸਿੰਘ ਪੈਨਸਿਲਵੇਨੀਆ ਵੱਲ ਜਾ ਰਿਹਾ ਸੀ। ਐਨਪੀਆਰ ਦੇ ਹਵਾਲੇ ਨਾਲ, ਗੁਰਵਿੰਦਰ ਸਿੰਘ ਐਤਵਾਰ ਸਵੇਰੇ



ਰੈਸਟ ਰੂਮ ਦੀ ਵਰਤੋਂ ਕਰਨ ਲਈ ਰੈਸਟ ਏਰੀਆ ’ਤੇ ਰੁਕਿਆ ਸੀ, ਜਦੋਂ ਇੱਕ ਹੋਰ ਆਦਮੀ ਉਸਦੇ ਪਿੱਛੇ-ਪਿੱਛੇ ਅੰਦਰ ਆ ਗਿਆ। ਗੁਰਵਿੰਦਰ ਨੇ ਕਿਹਾ ਕਿ ਉਸ ਆਦਮੀ ਨੇ ਅਚਾਨਕ ਉਸ ’ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਹਾਲਾਂਕਿ, ਚਾਕੂ ਦੇ ਕਈ ਜ਼ਖ਼ਮਾਂ ਦੇ ਬਾਵਜੂਦ ਨੌਜਵਾਨ ਟਾਇਲਟ ਵਿੱਚੋਂ ਬਾਹਰ ਨਿਕਲਣ ਵਿੱਚ ਕਾਮਯਾਬ ਹੋ ਗਿਆ। ਉਹ ਬਾਹਰ ਡਿੱਗ ਪਿਆ ਅਤੇ ਮਦਦ ਲਈ ਪੁਕਾਰ ਕੀਤੀ। ਰੈਸਟ ਏਰੀਆ ਵਿੱਚ ਇੱਕ ਹਿਸਪੈਨਿਕ ਪਰਿਵਾਰ ਨੇ ਹੰਗਾਮਾ ਸੁਣਿਆ ਅਤੇ ਨੌਜਵਾਨ ਦੀ ਮਦਦ ਲਈ ਗਿਆ। ਉਨ੍ਹਾਂ ਨੇ ਉਸ ਦੀਆਂ ਸੱਟਾਂ ਦਾ ਇਲਾਜ ਕਰਨ ਵਿੱਚ ਮਦਦ ਕੀਤੀ ਅਤੇ ਅਧਿਕਾਰੀਆਂ ਨਾਲ ਸੰਪਰਕ ਕੀਤਾ। ਪਰਿਵਾਰ ਨੇ ਪੁਲਿਸ ਨੂੰ ਸ਼ੱਕੀ ਦੇ ਵਾਹਨ ਬਾਰੇ ਵੇਰਵੇ ਵੀ ਪ੍ਰਦਾਨ ਕੀਤੇ। ਜਾਂਚਕਰਤਾਵਾਂ ਨੇ ਜਾਣਕਾਰੀ ਦੀ ਵਰਤੋਂ ਕਰਕੇ ਰੈਸਟ ਏਰੀਆ ਤੋਂ ਲਗਭਗ 113 ਕਿਲੋਮੀਟਰ ਦੂਰ ਰਾਵਲਿਨਸ ਦੇ ਨੇੜੇ ਟਰੱਕ ਦਾ ਪਤਾ ਲਗਾਇਆ। ਸ਼ੱਕੀ, ਜਿਸਦੀ ਪਛਾਣ ਐਂਡਰਿਊ ਕ੍ਰਿਸ ਬਜ਼ਡਾਕ ਵਜੋਂ ਹੋਈ ਹੈ, ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਉਸ ’ਤੇ ਫਸਟ ਡਿਗਰੀ ਕਤਲ ਦੀ ਕੋਸ਼ਿਸ਼ ਦਾ ਦੋਸ਼ ਲਗਾਇਆ ਗਿਆ ਸੀ। ਅਧਿਕਾਰੀਆਂ ਨੇ ਜਨਤਕ ਤੌਰ ’ਤੇ ਇਹ ਪੁਸ਼ਟੀ ਨਹੀਂ ਕੀਤੀ ਹੈ ਕਿ ਹਮਲੇ ਦਾ ਕਾਰਨ ਕੀ ਸੀ ਜਾਂ ਕਿਸੇ ਇਰਾਦੇ ਦੀ ਪਛਾਣ ਨਹੀਂ ਕੀਤੀ ਹੈ। ਗੁਰਵਿੰਦਰ ਸਿੰਘ ਲਗਭਗ ਤਿੰਨ ਸਾਲਾਂ ਤੋਂ ਇੱਕ ਵਪਾਰਕ ਟਰੱਕ ਡਰਾਈਵਰ ਵਜੋਂ ਕੰਮ ਕਰ ਰਿਹਾ ਹੈ। ਹਸਪਤਾਲ ਵਿੱਚ ਠੀਕ ਹੋਣ ਦੌਰਾਨ ਉਸਨੇ ਹੋਰ ਪੰਜਾਬੀ ਸਿੱਖ ਡਰਾਈਵਰਾਂ ਦੀ ਸੁਰੱਖਿਆ ਬਾਰੇ ਚਿੰਤਾ ਪ੍ਰਗਟ ਕੀਤੀ, ਜੋ ਲੰਬੇ ਸਮੇਂ ਤੋਂ ਸੰਯੁਕਤ ਰਾਜ ਅਮਰੀਕਾ ਵਿੱਚ ਯਾਤਰਾ ਕਰਦੇ ਹਨ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ । ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਪਤੀਜੈ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ 19 ਲੋੜਵੰਦ ਪਰਿਵਾਰਾਂ ਨੂੰ

# ਮਾਲੀ ਸਹਾਇਤਾ ਦੇ ਚੈੱਕ ਤਕਸੀਮ



**ਧੂਰੀ ( ਰਣਜੀਤ ਸਿੰਘ ਪੇਧਨੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਦੇ ਨਾਲ-ਨਾਲ ਲੋੜਵੰਦ ਪਰਿਵਾਰਾਂ ਨੂੰ ਮਾਲੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਇਸੇ ਲੜੀ ਤਹਿਤ ਅੱਜ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ 19 ਲੋੜਵੰਦ ਪਰਿਵਾਰਾਂ ਨੂੰ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਕੁੱਲ 6 ਲੱਖ 65 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਦੇ ਚੈੱਕ ਤਕਸੀਮ ਕੀਤੇ ਗਏ ਅਤੇ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੀ ਸੌਂਪੇ ਗਏ। ਇਸ ਮੌਕੇ ਉਨ੍ਹਾਂ ਦੱਸਿਆ ਕਿ ਗੰਭੀਰ ਬਿਮਾਰੀਆਂ ਦੇ ਇਲਾਜ ਅਤੇ ਘਰਾਂ ਦੇ ਨੁਕਸਾਨ ਸਬੰਧੀ ਪ੍ਰਾਪਤ ਹੋਈਆਂ ਅਰਜ਼ੀਆਂ ਵਿੱਚੋਂ 19 ਅਰਜ਼ੀਆਂ ਨੂੰ ਪ੍ਰਵਾਨਗੀ ਮਿਲਣ ਉਪਰੰਤ ਸਬੰਧਤ ਲਾਭਪਾਤਰੀ ਪਰਿਵਾਰਾਂ ਨੂੰ ਇਹ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਪਹੁੰਚਾਉਣਾ ਸਰਕਾਰ ਦੀ ਤਰਜੀਹ ਹੈ। ਓ.ਐਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਲਗਭਗ 35 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾ ਰਹੀ ਹੈ, ਜਿਸ ਨਾਲ ਪਿੰਡਾਂ ਵਿੱਚ ਰਹਿੰਦੇ ਵਿਕਾਸ ਕਾਰਜਾਂ ਨੂੰ ਜਲਦੀ ਪੂਰਾ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਅਤੇ ਸਰਪੰਚਾਂ ਨਾਲ ਲਗਾਤਾਰ ਤਾਲਮੇਲ ਕਰਕੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ, ਤਾਂ ਜੋ ਲੋਕਾਂ ਦੀਆਂ ਲੋੜਾਂ ਅਤੇ ਮੰਗਾਂ ਅਨੁਸਾਰ ਕੰਮ ਪਾਰਦਰਸ਼ੀ ਢੰਗ ਨਾਲ ਅਤੇ ਸਮੇਂ ਸਿਰ ਮੁਕੰਮਲ ਕੀਤੇ ਜਾ ਸਕਣ। ਉਨ੍ਹਾਂ ਦੱਸਿਆ ਕਿ ਪਿਛਲੇ ਦਸ ਦਿਨਾਂ ਤੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਸਿੱਧੇ ਤੌਰ 'ਤੇ ਸੁਣੀਆਂ ਜਾ ਰਹੀਆਂ ਹਨ। ਇਸ ਨਾਲ ਵਿਕਾਸ ਕਾਰਜਾਂ ਦੀ ਤਰਜੀਹ ਤੈਅ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਉਪਰਾਲੇ ਕਰਨ ਵਿੱਚ ਮਦਦ ਮਿਲ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰਨਾਂ ਪਿੰਡਾਂ ਲਈ ਵੀ ਵਿਕਾਸ ਫੰਡਾਂ ਅਤੇ ਗ੍ਰਾਂਟਾਂ ਦੀਆਂ ਅਗਲੀਆਂ ਕਿਸ਼ਤਾਂ ਦੇ ਚੈੱਕ ਜਲਦੀ ਜਾਰੀ ਕੀਤੇ ਜਾਣਗੇ, ਤਾਂ ਜੋ ਹਲਕੇ ਵਿੱਚ ਸਰਬਪੱਖੀ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾ ਸਕੇ। ਇਸ ਮੌਕੇ ਐਸ.ਡੀ.ਐਮ ਧੂਰੀ ਡਾ. ਇਸਮਤ ਵਿਜੈ ਸਿੰਘ, ਮੁੱਖ ਮੰਤਰੀ ਫੀਲਡ ਅਫਸਰ ਅਰਵਿੰਦ ਕੁਮਾਰ, ਵਕਫ ਬੋਰਡ ਤੇ ਮੈਂਬਰ ਡਾ. ਅਨਵਰ ਭਸੌੜ, ਪ੍ਰਧਾਨ ਨਗਰ ਕੌਂਸਲ ਧੂਰੀ ਅਮਰਜੋਤ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਧਾ, ਰੂਬਲ ਬਾਜਵਾ ਸਮੇਤ ਵੱਡੀ ਗਿਣਤੀ ਲਾਭਪਾਤਰੀ ਅਤੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਨੌਜਵਾਨ ਮੌਜੂਦ ਸਨ।



**ਧੂਰੀ ਹਲਕੇ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ 35 ਕਰੋੜ ਰੁਪਏ ਦੀ ਹੋਰ ਗ੍ਰਾਂਟ ਕੀਤੀ ਜਾ ਰਹੀ ਹੈ ਜਾਰੀ : ਓ.ਐਸ.ਡੀ. ਸੁਖਵੀਰ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਐਡਮਿੰਟਨ ਵਿਖੇ ਦਰਸ਼ਨ ਅਣਜਾਣ ਦੀ ਕਾਵਿ ਪੁਸਤਕ 'ਰੂਹ ਦੇ ਅੱਥਰੂ' ਦਾ ਵਿਮੋਚਨ



ਐਡਮਿੰਟਨ ਕਨੇਡਾ ਦੀ ਖੂਬਸੂਰਤ ਐਡਮਿੰਟਨ ਪਬਲਿਕ ਲਾਇਬਰੇਰੀ 17 ਸਟਰੀਟ ਮੈਡੋਜ਼ ਵਿਖੇ ਇੱਕ ਸ਼ਾਨਦਾਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ। ਇਸ ਗੋਸਟੀ ਵਿੱਚ ਕਵੀ ਦਰਸ਼ਨ ਅਣਜਾਣ ਦਾ ਕਾਵਿ ਸੰਗ੍ਰਹਿ 'ਰੂਹ ਦੇ ਅਥਰੂ' ਦਾ ਵਿਮੋਚਨ ਕੀਤਾ ਗਿਆ ਅਤੇ ਉਹਨਾਂ ਨੂੰ ਗੁਰਮੁਖੀ ਅੱਖਰਾਂ ਨਾਲ ਸੱਜੀ ਹੋਈ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਪ੍ਰਸਿੱਧ ਬੋਲੀਆਂ ਲੇਖਕਾ ਸੁਰਜੀਤ ਕੌਰ ਧਾਲੀਵਾਲ ਅਤੇ ਬਲਵਿੰਦਰ ਕੌਰ ਗਿੱਲ ਨੇ ਪ੍ਰਧਾਨਗੀ ਕੀਤੀ। ਰੂਹ ਦੇ ਅੱਥਰੂ ਕਾਵਿ ਸਮੂਹ ਉੱਪਰ ਦਲਬੀਰ ਸਿੰਘ ਰਿਆੜ ਅਤੇ ਬਲਵਿੰਦਰ ਬਾਲਮ ਨੇ ਬੋਲਦੇ ਹੋਏ ਕਿਹਾ ਕਿ ਇਸ ਪੁਸਤਕ ਵਿਚਲੀਆਂ ਕਵਿਤਾਵਾਂ ਵਰਤਮਾਨ ਹਾਲਾਤਾਂ ਦੀ ਨਬਜ਼ ਨੂੰ ਟਟੋਲਦੀਆਂ ਹੋਈਆਂ ਯਥਾਰਥ ਦੀ ਤਸਵੀਰ ਪੇਸ਼ ਕਰਦੀਆਂ ਹਨ। ਅੰਧ ਵਿਸ਼ਵਾਸ ਅਤੇ ਸਮੇਂ ਦੇ ਸੱਚ ਨੂੰ ਉਜਾਗਰ ਕਰਦੀਆਂ ਕਵਿਤਾਵਾਂ ਇਸ ਪੁਸਤਕ ਵਿੱਚ ਲਗਭਗ 123 ਕਵਿਤਾਵਾਂ ਹਨ। ਵਿਸ਼ੇਸ਼ ਤੌਰ ਤੇ ਸਿੱਖ ਇਤਿਹਾਸ ਬਾਰੇ ਚਾਨਣਾ ਪਾਉਂਦੀਆਂ ਕਵਿਤਾਵਾਂ ਨਫਾ ਨੁਕਸਾਨ ਦੀ ਵੀ ਪੈਰਵਾਈ ਕਰਦੀਆਂ ਹਨ। ਦਰਸ਼ਨ ਅਣਜਾਣ ਮਾਲਵੇ ਦੇ ਪਿੰਡ ਪਿੱਦੋ ਜ਼ਿਲਾ ਬਠਿੰਡਾ ਚੋਂ ਜਨਮ ਲੈ ਕੇ ਕਨੇਡਾ ਪਹੁੰਚਿਆ। ਉਹ ਚੇਤਨ ਪ੍ਰਵਾਸੀ ਕਵੀ ਹੈ। ਆਮ ਲੋਕਾਂ ਨਾਲੋਂ ਵਧੇਰੇ ਕੋਮਲ ਭਾਵੀ ਹੋਏ ਬਗੈਰ ਕੋਈ ਵਿਅਕਤੀ ਕਵੀ ਨਹੀਂ ਬਣ ਸਕਦਾ। ਉਹ ਸੱਚ ਮੁੱਚ ਹੱਦ ਦਰਜੇ ਦਾ ਕੋਮਲ ਭਾਵੀ ਕਵੀ ਹੈ। ਵਿਦੇਸ਼ੀ ਧਰਤੀ ਤੇ ਰਹਿੰਦਿਆਂ ਉਸਨੇ ਨਾ ਆਪਣੀ ਧਰਤੀ ਨੂੰ ਭੁਲਾਇਆ ਤੇ ਨਾ ਹੀ ਮਾਤ ਭਾਸ਼ਾ ਤੋਂ ਪਾਸਾ ਵੱਟਿਆ। ਕਵੀ ਆਪਣੇ ਵਿਚਾਰ, ਅਹਿਸਾਸ ਤੇ ਅਨੁਭਵ ਅਸਲ ਚੋਂ ਸਹਿਜਤਾ, ਸਰਲਤਾ ਤੇ ਸੌਖ ਨਾਲ ਆਪਣੀ ਮਾਤ ਭਾਸ਼ਾ ਵਿੱਚ ਹੀ ਪਰਗਟ ਕਰ ਸਕਦਾ ਹੈ। ਇਸ ਸਬੰਧੀ ਉਹ ਡੱਟ ਕੇ ਮਾਂ ਬੋਲੀ ਤੇ ਪਹਿਰਾ ਦੇ ਰਿਹਾ ਹੈ। ਇਸ ਮੌਕੇ ਹਾਜ਼ਰ ਕਵੀਆਂ ਨੇ ਆਪਣੀਆਂ ਕਵਿਤਾਵਾਂ ਸੁਣਾ ਕੇ ਖੂਬ ਰੰਗ ਬੰਨਿਆ। ਕਵੀ ਦਰਬਾਰ ਵਿੱਚ ਬਲਵਿੰਦਰ ਬਾਲਮ, ਦਲਬੀਰ ਸਿੰਘ ਰਿਆੜ, ਸਤਨਾਮ ਗਾਹਲੇ, ਅੰਮ੍ਰਿਤਪਾਲ ਸਿੰਘ ਅੰਮ੍ਰਿਤ, ਨਰਿੰਦਰ ਲੁਬਾਣਾ ਤੇ ਤਜਿੰਦਰਪਾਲ ਸਿੰਘ ਰਿਆੜ, ਸੁਰਜੀਤ ਕੌਰ ਧਾਲੀਵਾਲ, ਬਲਵਿੰਦਰ ਕੌਰ ਗਿੱਲ, ਪਾਰਸ ਮਹੀਨੀਆਂ, ਦਰਸ਼ਨ ਅਣਜਾਣ, ਸੁਖਦੇਵ ਸਿੰਘ, ਕੇਵਲ ਸਿੰਘ ਬੱਲ, ਪ੍ਰਗਟ ਸਿੰਘ, ਕਸ਼ਮੀਰਾ ਸਿੰਘ, ਮਾਸਟਰ ਅਜੀਤ ਸਿੰਘ, ਕਾਰਜ ਸਿੰਘ ਔਲਖ, ਕਰਨੈਲ ਸਿੰਘ ਪਰਮਾਰ, ਮਨਜੀਤ ਬੱਲ, ਗੁਰਦਿਆਲ ਸਿੰਘ ਨੇ ਆਪਣੀਆਂ ਰਚਨਾਵਾਂ ਸੁਣਾ ਕੇ ਖੂਬ ਰੰਗ ਬੰਨਿਆਂ। ਮੰਚ ਸੰਚਾਲਨ ਦੇ ਫਰਜ਼ ਕੇਵਲ ਬੱਲ ਨੇ ਬਾਖੂਬੀ ਨਿਭਾਏ।

**-ਬਲਵਿੰਦਰ ਬਾਲਮ ਗੁਰਦਾਸਪੁਰ ਐਡਮਿੰਟਨ ਕਨੇਡਾ 9815625409**

ਆਵਾਜ਼ਿ ਕੌਮ AWAZE QAUM International Newspaper & WEB TV






# ਓ.ਐਸ.ਡੀ. ਸੁਖਵੀਰ ਸਿੰਘ ਨੇ ਮੁਫ਼ਤ ਹੋਮਿਓਪੈਥਿਕ ਤੇ ਆਯੂਰਵੈਦਿਕ ਕੈਂਪ ਦਾ ਕੀਤਾ ਉਦਘਾਟਨ

### ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਸੰਭਾਲ ਲਈ ਹਰ ਜ਼ਿਲ੍ਹੇ 'ਚ ਲਗਾਏ ਜਾ ਰਹੇ ਹਨ 24 ਮੈਡੀਕਲ ਕੈਂਪ: ਸੁਖਵੀਰ ਸਿੰਘ




**ਧੂਰੀ (ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੇ ਉਪਰਾਲੇ ਤਹਿਤ ਅੱਜ ਧੂਰੀ ਵਿਖੇ ਆਯੂਸ਼ ਕੈਂਪ ਲਗਾਇਆ ਗਿਆ। ਇਸ ਮੁਫ਼ਤ ਹੋਮਿਓਪੈਥਿਕ ਅਤੇ ਆਯੂਰਵੈਦਿਕ ਕੈਂਪ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਅਤੇ ਸਿਹਤ ਸੰਭਾਲ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਇਸ ਸਾਲ ਹਰੇਕ ਜ਼ਿਲ੍ਹੇ ਵਿੱਚ 24 ਮੈਡੀਕਲ ਕੈਂਪ ਲਗਾਏ ਜਾ ਰਹੇ ਹਨ, ਜਦਕਿ ਪਿਛਲੇ ਸਾਲ ਹਰੇਕ ਜ਼ਿਲ੍ਹੇ ਵਿੱਚ 15 ਕੈਂਪ ਲਗਾਏ ਗਏ ਸਨ। ਕੈਂਪ ਦੌਰਾਨ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਮੁਫ਼ਤ ਡਾਕਟਰੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਆਯੂਰਵੈਦਿਕ ਤੇ ਹੋਮਿਓਪੈਥਿਕ ਦਵਾਈਆਂ ਮੁਫ਼ਤ ਵੰਡੀਆਂ ਗਈਆਂ। ਸੰਤ ਨਿਰੰਕਾਰੀ ਸਤਿਸੰਗ ਭਵਨ, ਵਿਖੇ ਲੱਗੇ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਸ਼ਿਰਕਤ ਕਰਦਿਆਂ ਸਿਹਤ ਸੇਵਾਵਾਂ ਦਾ ਲਾਭ ਲਿਆ। ਇਹ ਕੈਂਪ ਡਾਇਰੈਕਟਰ ਹੋਮਿਓਪੈਥਿਕ ਵਿਭਾਗ ਪੰਜਾਬ, ਡਾਇਰੈਕਟੋਰੇਟ ਆਫ਼ ਆਯੂਰਵੇਦਾ ਪੰਜਾਬ ਅਤੇ ਜ਼ਿਲ੍ਹਾ ਹੋਮਿਓਪੈਥਿਕ ਤੇ ਆਯੁਰਵੈਦਿਕ/ਯੂਨਾਨੀ ਅਫ਼ਸਰ ਸੰਗਰੂਰ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਉਪਰਾਲੇ ਨੂੰ ਸਫ਼ਲ ਬਣਾਉਣ ਵਿੱਚ ਸੰਤ ਨਿਰੰਕਾਰੀ ਮਿਸ਼ਨ ਅਤੇ ਸਥਾਨਕ ਕਮੇਟੀ ਵੱਲੋਂ ਵੀ ਪੂਰਨ ਸਹਿਯੋਗ ਦਿੱਤਾ ਗਿਆ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਨਗਰ ਕੌਂਸਲ ਧੂਰੀ ਦੇ ਪ੍ਰਧਾਨ ਅਮਰਜੋਤ ਕੌਰ, ਗਗਨ ਜਵੰਧਾ, ਰੂਬਲ ਬਾਜਵਾ, ਡਾ. ਰਾਜੀਵ, ਵਿਨੋਦ ਕੁਮਾਰ, ਜਸਵੀਰ ਸਿੰਘ ਜੱਜ ਐਮਸੀ, ਦਰਸਨ ਕੁਮਾਰ ਐਮਸੀ, ਅਜੈਬ ਸਿੰਘ ਹੈਪੀ ਐਮਸੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਜੇਪੀ ਆਗੂਆਂ ਵੱਲੋਂ ਧੂਰੀ ਰੇਲਵੇ ਸਟੇਸ਼ਨ 'ਤੇ ਪ੍ਰਧਾਨ ਮੰਤਰੀ ਮੋਦੀ ਦਾ ਜਨਮ ਦਿਨ ਮਨਾਇਆ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਮ ਦਿਨ ਨੂੰ ਮੁੱਖ ਰੱਖਦਿਆਂ ਭਾਰਤੀ ਜਨਤਾ ਪਾਰਟੀ ਧੂਰੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਦੇ ਧੂਰੀ ਰੇਲਵੇ ਸਟੇਸ਼ਨ 'ਤੇ ਕੇਕ ਕੱਟ ਕੇ ਪ੍ਰਧਾਨ ਮੰਤਰੀ ਦਾ ਜਨਮ ਦਿਨ ਮਨਾਇਆ ਗਿਆ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਉੱਘੇ ਸਮਾਜ ਸੇਵੀ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਧੂਰੀ ਹਲਕੇ ਨੂੰ ਬਹੁਤ ਵੱਡੀ ਦੇਣ ਹੈ। ਜਿਨ੍ਹਾਂ ਨੇ ਧੂਰੀ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਲਈ 58 ਕਰੋੜ ਖਰਚ ਕਰਕੇ ਨਵੇ ਰੂਪ ਵਿੱਚ ਤਿਆਰ ਕੀਤਾ ਇਸ ਦੇ ਨਾਲ ਹੀ ਹਲਕੇ ਵਿੱਚ ਪੈਂਦੇ ਪਿੰਡ ਅਲਾਲ ,ਕੌਲਸੇੜੀ ਵਿੱਚ ਵੀ ਮੋਦੀ ਸਰਕਾਰ ਨੇ ਦਿਲ ਖੋਲ ਕੇ ਰੇਲਵੇ ਸਟੇਸ਼ਨ ਦਾ ਵਿਕਾਸ ਕਰਵਾਇਆ । ਜਿਸ ਕਰਕੇ ਅਸੀਂ ਭਾਰਤੀ ਜਨਤਾ ਪਾਰਟੀ ਵੱਲੋਂ ਅੱਜ ਉਨ੍ਹਾਂ ਦੇ ਜਨਮ ਦਿਨ ਦਾ ਕੇਕ ਰੇਲਵੇ ਸਟੇਸ਼ਨ 'ਤੇ ਕੱਟ ਕੇ ਆਮ ਲੋਕਾਂ ਵਿੱਚ ਖੁਸ਼ੀ ਸਾਂਝੀ ਕੀਤੀ। ਇਸ ਮੌਕੇ ਮੰਡਲ ਪ੍ਰਧਾਨ ਆਸ਼ੀਸ਼ ਗਰਗ ,ਪ੍ਰਦੀਪ ਗਰਗ, ਬਿਰਜੇਸਵਰ ਗੋਇਲ, ਕ੍ਰਿਸਨ ਗੋਪਾਲ ਨੀਲੂ ਮਿੱਤਲ ਸਪੋਕਸ ਪ੍ਰਸਨ, ਭੁਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ, ਕੰਵਲਜੀਤ ਗਰਗ, ਨਰਪਿੰਦਰ ਸਿੰਘ ਗੋਰਾ ਜਿਲ੍ਹਾ ਪ੍ਰਧਾਨ ਐਸਸੀ ਵਿੰਗ, ਪਰਮਜੀਤ ਸਿੰਘ ਭਿੰਦੀ ਜਿਲ੍ਹਾ ਜਰਨਲ ਸਕੱਤਰ, ਸੁਖਪਾਲ ਸ਼ਰਮਾ ਕਾਂਝਲਾ, ਦਵਿੰਦਰ ਸਿੰਘ ਕਾਤਰੋਂ, ਗੁਰਜੀਤ ਸਿੰਘ ਘਨੌਰੀ, ਗੁਰਮੇਲ ਸਿੰਘ ਘਨੌਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬੀਆਂ ਨੂੰ ਉੱਡਦਾ ਪੰਜਾਬ ਨਹੀਂ, ਉੱਭਰਦਾ ਪੰਜਾਬ ਚਾਹੀਦਾ: ਨਿਤਿਨ ਨਬੀਨ

# ‘ਆਪ’ ਦਾ ਯੁੱਧ ਨਸ਼ੇ ਵਿਰੁੱਧ ਨਹੀਂ ਸੀ, ਬਲਕਿ ਨਸ਼ਾ ਮਾਫ਼ੀਆ ਨਾਲ ਸਾਂਝ ਸੀ: ਨਿਤਿਨ ਨਬੀਨ

**☛ ਸੱਤਾਧਾਰੀਆਂ ਵਿੱਚ ਇੰਨਾ ਦਮ ਨਹੀਂ ਕਿ ਪੰਜਾਬ ਦੀ ਆਵਾਜ਼ ਬੰਦ ਕਰ ਸਕਣ: ਨਿਤਿਨ ਨਬੀਨ ☛ ਦੋ ਸਾਲਾਂ ਦੌਰਾਨ ਨਸ਼ੇ ਨੂੰ ਜੜ੍ਹੋਂ ਮੁਕਾ ਦਿਆਂਗੇ: ਕੇਵਲ ਢਿੱਲੋਂ ☛ ਭਾਜਪਾ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਨੇ ਅੱਜ ਏਕਤਾ ਸਥਲ, ਮਾਧੋਪੁਰ, ਪਠਾਨਕੋਟ ਤੋਂ ਪਹਿਲੀ ਨਸ਼ਾ ਮੁਕਤ ਪੰਜਾਬ ਯਾਤਰਾ ਦੀ ਕੀਤੀ ਸ਼ੁਰੂਆਤ**






















ਪਠਾਨਕੋਟ: 18 ਸਤੰਬਰ ()- ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਨੇ ਅੱਜ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਸੰਕਲਪ ਦੀ ਪੂਰਤੀ ਲਈ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਏਕਤਾ ਸਥਲ, ਮਾਧੋਪੁਰ, ਪਠਾਨਕੋਟ ਤੋਂ ਸ਼ੁਰੂ ਕੀਤੀ ਗਈ ਪਹਿਲੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। “ਭਾਜਪਾ ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ” ਦੇ ਸੰਕਲਪ ਨਾਲ ਸ਼ੁਰੂ ਹੋਈ ਨਸ਼ਾ ਮੁਕਤ ਯਾਤਰਾ 30 ਸਤੰਬਰ ਨੂੰ ਜਲੰਧਰ ਵਿਖੇ ਸਮਾਪਤ ਹੋਵੇਗੀ। ਇਸ ਮੌਕੇ ਸ੍ਰੀ ਨਿਤਿਨ ਨਬੀਨ ਨੇ ਜਿੱਥੇ ਨਸ਼ਿਆਂ ਖ਼ਿਲਾਫ਼ ਫ਼ੈਸਲਾਕੁਨ ਲੜਾਈ ਲੜਨ ਦਾ ਸੱਦਾ ਦਿੱਤਾ, ਉੱਥੇ ਕੌਮੀ ਉਪ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਅਤੇ ਸਾਬਕਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਨਸ਼ਿਆਂ ਖ਼ਿਲਾਫ਼ ਲੜਾਈ ਨੂੰ ਲੋਕ ਅੰਦੋਲਨ ਬਣਾਉਣ ਦੀ ਗੱਲ ਕਹੀ। ਇਸ ਤੋਂ ਪਹਿਲਾਂ ਸ੍ਰੀ ਨਿਤਿਨ ਨਬੀਨ ਅਤੇ ਕੇਵਲ ਸਿੰਘ ਢਿੱਲੋਂ ਸਮੇਤ ਭਾਜਪਾ ਆਗੂਆਂ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ ਯਾਦਗਾਰ ਏਕਤਾ ਸਥਲ ਵਿਖੇ ਸ਼ਰਧਾਂਜਲੀ ਭੇਟ ਕੀਤੀ ਅਤੇ ਕੌਮੀ ਪ੍ਰਧਾਨ ਵੱਲੋਂ ਅੰਬ ਦਾ ਬੂਟਾ ਲਾਇਆ ਗਿਆ। ਉਪਰੰਤ ਉਨ੍ਹਾਂ ਨੇ ਨਸ਼ਾ ਪੀੜਤ ਦਰਜਨਾਂ ਪਰਿਵਾਰਾਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀ ਦਰਦਭਰੀ ਵਿਥਿਆ ਸੁਣੀ। ਇਸ ਦੌਰਾਨ ਉਹ ਭਾਵੁਕ ਹੁੰਦੇ ਨਜ਼ਰ ਆਏ। ਪੀੜਤ ਪਰਿਵਾਰਾਂ ਦੀਆਂ ਔਰਤਾਂ ਦੀ ਇਹੀ ਪੁਕਾਰ ਰਹੀ ਕਿ ਪੰਜਾਬ ਨੂੰ ਬਚਾ ਸਕਦੇ ਹੋ ਤਾਂ ਬਚਾ ਲਓ। ਨੂਰ ਮਹਿਲ ਤੋਂ ਆਈ ਔਰਤ ਨੇ ਕਿਹਾ ਕਿ ਮੇਰੇ ਤਿੰਨ ਪੁੱਤਰਾਂ ਵਿੱਚੋਂ ਦੋ ਨਸ਼ੇ ਕਾਰਨ ਮਰ ਚੁੱਕੇ ਹਨ ਤੇ ਤੀਜਾ ਮੌਤ ਦੀ ਕਗਾਰ ’ਤੇ ਹੈ। ਪਤੀ ਦੀ ਸਿਹਤ ਠੀਕ ਨਹੀਂ ਰਹਿੰਦੀ। ਉਨ੍ਹਾਂ ਸਵਾਲ ਕੀਤਾ ਕਿ ਬੱਚੇ ਮਰ ਰਹੇ ਹਨ ਤਾਂ ਧੀਆਂ ਤੇ ਕੁੜੀਆਂ ਕਿੱਥੇ ਜਾਣ ? ਪੀੜਤ ਪਰਿਵਾਰਾਂ ਨੇ ਗੁਹਾਰ ਲਗਾਈ ਕਿ ਸਾਨੂੰ ਮੁਫ਼ਤ ਦੀਆਂ ਸਹੂਲਤਾਂ ਨਹੀਂ, ਪਰ ਨਸ਼ਾ ਜ਼ਰੂਰ ਖ਼ਤਮ ਹੋਣਾ ਚਾਹੀਦਾ ਹੈ। ਇਸ ਮੌਕੇ ਭਾਜਪਾ ਪ੍ਰਧਾਨ ਨੇ ਉਨ੍ਹਾਂ ਨਾਲ ਖੜ੍ਹੇ ਹੋਣ ਅਤੇ ਸਮੱਸਿਆ ਨੂੰ ਹਰ ਹਾਲ ਵਿੱਚ ਜੜ੍ਹੋਂ ਪੁੱਟਣ ਦਾ ਭਰੋਸਾ ਦਿੱਤਾ। ਯਾਤਰਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਤੋਂ ਪਹਿਲਾਂ ਮੰਚ ਉੱਤੇ ਕੇਸਰੀ ਦਸਤਾਰ ਸਜਾ ਕੇ ਆਏ ਨਿਤਿਨ ਨਬੀਨ ਨੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀਆਂ ਨੂੰ ਉੱਡਦਾ ਪੰਜਾਬ ਨਹੀਂ, ਉੱਭਰਦਾ ਪੰਜਾਬ ਚਾਹੀਦਾ ਹੈ। ਜਿਨ੍ਹਾਂ ਲੋਕਾਂ ਨੇ ਸੱਤਾ ਦੇ ਦਮ ’ਤੇ ਭ੍ਰਿਸ਼ਟਾਚਾਰ ਅਤੇ ਅਮਨ-ਕਾਨੂੰਨ ਦੀ ਹਾਲਤ ਨੂੰ ਖ਼ਰਾਬ ਕਰਕੇ ਪੰਜਾਬ ਨੂੰ ਨਸ਼ੇ ਨਾਲ ਬਰਬਾਦ ਕੀਤਾ, ਉਨ੍ਹਾਂ ਖ਼ਿਲਾਫ਼ ਫ਼ੈਸਲਾਕੁਨ ਲੜਾਈ ਕਰਨ ਦਾ ਸਮਾਂ ਆ ਗਿਆ ਹੈ। ਭਾਰਤੀ ਜਨਤਾ ਪਾਰਟੀ ਦੇ ਨਸ਼ੇ ਖ਼ਿਲਾਫ਼ ਲੜਾਈ ਦਾ ਮੂਲ-ਮੰਤਰ ਸਾਂਝਾ ਕਰਦਿਆਂ ਨਿਤਿਨ ਨਬੀਨ ਨੇ ਕਿਹਾ ਕਿ ਨਸ਼ਾ ਤਸਕਰਾਂ ’ਤੇ ਵਾਰ, ਨਸ਼ਾ ਸਪਲਾਈ ਨੈੱਟਵਰਕ ਨੂੰ ਤੋੜਨਾ, ਡਰੱਗ ਮਨੀ ਨੂੰ ਜ਼ਬਤ ਕਰਨਾ, ਨਸ਼ੇ ਦੇ ਸ਼ਿਕਾਰ ਲੋਕਾਂ ਦਾ ਪੁਨਰਵਾਸ ਕਰਨਾ ਅਤੇ ਸਮਾਜ ਦੇ ਸਹਿਯੋਗ ਨਾਲ ਨਸ਼ੇ ਖ਼ਿਲਾਫ਼ ਲੜਾਈ ਨੂੰ ਅੱਗੇ ਤੋਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਬਹੁਤ ਖਾਸ ਹੈ। ਮੈਂ ਪੰਜਾਬ ਦੇ ਘਰ-ਘਰ ਦੀ ਪੀੜਾ ਨਾਲ ਜੁੜਨ ਆਇਆ ਹਾਂ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਧਰਤੀ ਪਟਨਾ ਤੋਂ ਹਰ ਪੰਜਾਬੀ ਤੱਕ ਨਸ਼ਾ ਮੁਕਤੀ ਦਾ ਸੁਨੇਹਾ ਦੇਣ ਆਇਆ ਹਾਂ। ਨਿਤਿਨ ਨਬੀਨ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ ਮਿਸਾਲ ਦਿੰਦਿਆਂ ਕਿਹਾ ਕਿ ਦੇਸ਼ ਵਿੱਚ ਭਾਜਪਾ ਜੋ ਸੰਕਲਪ ਲੈਂਦੀ ਹੈ, ਉਸ ਨੂੰ ਪੂਰਾ ਕਰਦੀ ਹੈ। ਧਾਰਾ 370 ਨੂੰ ਹਟਾਉਣ ਦੇ ਸੰਕਲਪ ਨੂੰ ਪੂਰਾ ਕਰਨ ਲਈ ਲੰਬਾ ਸੰਘਰਸ਼ ਕੀਤਾ, ਅੱਤਵਾਦ ਅਤੇ ਨਕਸਲਵਾਦ ਨੂੰ ਖ਼ਤਮ ਕੀਤਾ। ਹੁਣ ਭਾਜਪਾ ਨੇ 2 ਅਗਸਤ ਨੂੰ ਦੇਸ਼ ਵਿੱਚ ਨਸ਼ੇ ਨੂੰ ਖ਼ਤਮ ਕਰਨ ਦਾ ਸੰਕਲਪ ਲਿਆ ਹੈ। ਮੈਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੰਦੇਸ਼ ਲੈ ਕੇ ਪੰਜਾਬ ਦੀ ਧਰਤੀ ਤੋਂ ਇਸ ਦੀ ਸ਼ੁਰੂਆਤ ਕਰਨ ਲਈ ਆਇਆ ਹਾਂ। ਇਹ ਭਾਜਪਾ ਦਾ ਟਰੈਕ ਰਿਕਾਰਡ ਹੈ, ਇਸ ਲਈ ਨਸ਼ੇ ਨੂੰ ਖ਼ਤਮ ਵੀ ਅਸੀਂ ਹੀ ਕਰਾਂਗੇ। ਉਨ੍ਹਾਂ ਕਿਹਾ ਕਿ ਨਸ਼ਾ ਪੰਜਾਬ ਦੀ ਪਛਾਣ ਜਾਂ ਤਾਕਤ ਨਹੀਂ ਹੋ ਸਕਦਾ। ਪੰਜਾਬ ਦੀ ਪਛਾਣ ਇਸ ਦੀ ਸੰਸਕ੍ਰਿਤੀ, ਵਿਰਾਸਤ, ਪਰੰਪਰਾ, ਵਿਚਾਰ ਤੇ ਨੌਜਵਾਨੀ ਹੋਣੀ ਚਾਹੀਦੀ ਹੈ। ਪੰਜਾਬ ਦੀ ਪਛਾਣ ਗੁਰੂਆਂ ਦੀ ਬਾਣੀ, ਕਿਸਾਨਾਂ ਦੇ ਪਸੀਨੇ ਤੇ ਖਿਡਾਰੀਆਂ ਦੇ ਜਜ਼ਬੇ ਤੋਂ ਹੁੰਦੀ ਸੀ। ਪੰਜਾਬ ਦੇ ਲੋਕ ਨਸ਼ਿਆਂ ਦੇ ਖ਼ਿਲਾਫ਼ ਖ਼ੁਦ ਲੜਾਈ ਲੜਨਗੇ। ਨਿਤਿਨ ਨਬੀਨ ਨੇ ਕਿਹਾ ਕਿ ਸੂਬੇ ’ਚ ਸੱਤਾ ਵਿੱਚ ਬੈਠੇ ਲੋਕਾਂ ਨੇ ਪੰਜਾਬ ਦੀ ਪਛਾਣ ਨੂੰ ਬਦਲਣ ਦਾ ਕੰਮ ਕੀਤਾ, ਸਾਡੀਆਂ ਪੀੜ੍ਹੀਆਂ ਨੂੰ ਖ਼ਤਮ ਕਰਨ ਦਾ ਕੰਮ ਕੀਤਾ। ਪੰਜਾਬ ਦੀ ‘ਆਪ’ ਸਰਕਾਰ ਨੇ ਨਸ਼ੇ ਖ਼ਿਲਾਫ਼ ਲੜਾਈ ਨੂੰ ਸੱਤਾ ਦੀ ਚਾਬੀ ਸਮਝਿਆ, ਲੋਕਾਂ ਦਾ ਦਰਦ ਨਹੀਂ ਮੰਨਿਆ। ਨਿਤਿਨ ਨਬੀਨ ਨੇ ਕਿਹਾ ਕਿ ਸੂਬੇ ਦੀਆਂ ਚਾਰੋਂ ਦਿਸ਼ਾਵਾਂ ਤੋਂ ਨਸ਼ਾ ਮੁਕਤ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਇਨ੍ਹਾਂ ਯਾਤਰਾਵਾਂ ਦੌਰਾਨ ਪੰਜਾਬ ਦੇ ਲੋਕਾਂ ਨੂੰ ਨਸ਼ਾ ਮੁਕਤ ਅਭਿਆਨ ਨਾਲ ਜੋੜਿਆ ਜਾਵੇਗਾ ਅਤੇ ਉਨ੍ਹਾਂ ਨਾਲ ਸੰਵਾਦ ਵੀ ਕੀਤਾ ਜਾਵੇਗਾ। ਸਮਾਜ ਸੇਵੀ ਸੰਸਥਾਵਾਂ ਨੂੰ ਵੀ ਨਾਲ ਜੋੜਿਆ ਜਾਵੇਗਾ। ਸੱਤਾ ਵਿੱਚ ਬੈਠੇ ਲੋਕਾਂ ਨੇ ਨਸ਼ਾ ਪੀੜਤ ਪਰਿਵਾਰਾਂ ਦੇ ਦਰਦ ਅਤੇ ਪੀੜਾ ਨੂੰ ਸਮਝਣ ਦੀ ਥਾਂ ਪੰਜਾਬ ਦੀ ‘ਆਪ’ ਸਰਕਾਰ ਨਸ਼ੇ ਖ਼ਿਲਾਫ਼ ਬੋਲਣ ਵਾਲੇ ਲੋਕਾਂ ਦੀ ਆਵਾਜ਼ ਬੰਦ ਕਰਨਾ ਚਾਹੁੰਦੀ ਹੈ, ਪਰ ਸਰਕਾਰ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਪੰਜਾਬ ਦੀ ਆਵਾਜ਼ ਨੂੰ ਬੰਦ ਨਹੀਂ ਕੀਤਾ ਜਾ ਸਕੇਗਾ। ਨਸ਼ੇ ਵਿਰੁੱਧ ਆਵਾਜ਼ ਉਠਾਉਣ ਵਾਲਾ ਦਲਿਤ ਭਰਾ ਸਰਕਾਰ ਦੀ ਜ਼ਿਆਦਤੀ ਕਾਰਨ ਖ਼ੁਦਕੁਸ਼ੀ ਕਰਨ ਲਈ ਮਜਬੂਰ ਹੋਇਆ। ਪੀੜਤ ਪਰਿਵਾਰ ਨੂੰ ਮਿਲਣ ਜਾ ਰਹੇ ਭਾਜਪਾ ਆਗੂਆਂ ਅਤੇ ਵਰਕਰਾਂ ਨੂੰ ਆਮ ਆਦਮੀ ਪਾਰਟੀ ਦੇ ਵਰਕਰਾਂ ਦੁਆਰਾ ਰੋਕਿਆ ਗਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨਸ਼ੇ ਦੇ ਨੈੱਟਵਰਕ ਨੂੰ ਤੋੜਨ ਦੀ ਬਜਾਏ ਨਸ਼ਾ ਪੀੜਤ ਪਰਿਵਾਰਾਂ ਦੇ ਮਨੋਬਲ ਨੂੰ ਤੋੜਨ ਦਾ ਕੰਮ ਕੀਤਾ। ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਮੰਚ ਤੋਂ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਇਹ ਇਕੱਠ ਕੋਈ ਸਿਆਸੀ ਰੈਲੀ ਨਹੀਂ ਹੈ, ਬਲਕਿ ਅਸੀਂ ਮਾਵਾਂ-ਭੈਣਾਂ ਦੇ ਦੁੱਖ ਵੰਡਾਉਣ ਆਏ ਹਾਂ। ਉਨ੍ਹਾਂ ਕਿਹਾ ਕਿ ਇਹ ਲੋਕ ਅੰਦੋਲਨ ਹੈ, ਜਿਸ ਤਹਿਤ ਅਸੀਂ 117 ਹਲਕਿਆਂ ਵਿੱਚ ਘਰ-ਘਰ ਜਾਵਾਂਗੇ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਸੰਕਲਪ ਮੁਤਾਬਕ ਅਗਲੇ ਦੋ ਸਾਲਾਂ ਵਿੱਚ ਨਸ਼ੇ ਨੂੰ ਜੜ੍ਹੋਂ ਮੁਕਾਵਾਂਗੇ। ਪੰਜਾਬ ਦੇ ਲੋਕਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਵਿੱਚ ਸ਼ਮੂਲੀਅਤ ਕਰਨ ਦਾ ਸੱਦਾ ਦਿੰਦਿਆਂ ਕੇਵਲ ਢਿੱਲੋਂ ਨੇ ਕਿਹਾ, ਪੰਜਾਬ ਸਰਕਾਰ ਦਾ ਚਿਹਰਾ ਬੇਨਕਾਬ ਹੋ ਚੁੱਕਾ ਹੈ। ਉਹ ਸਾਡੇ ’ਤੇ ਆਂਡੇ ਮਾਰ ਕੇ ਸਾਨੂੰ ਰੋਕ ਨਹੀਂ ਸਕਦੇ, ਇਹ ਜੁਆਕਾਂ ਵਾਲੀਆਂ ਗੱਲਾਂ ਹਨ। ਭਾਜਪਾ ਅਜਿਹੇ ਹਮਲਿਆਂ ਤੋਂ ਡਰਨ ਵਾਲੀ ਨਹੀਂ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੇ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਦਾਅਵਾ ਕੀਤਾ ਸੀ, ਪਰ ਹੁਣ ਹਾਲਾਤ ਇਹ ਹਨ ਕਿ ਇੱਥੇ ਪੀਜ਼ੇ ਦੀ ਡਲਿਵਰੀ ਲੇਟ ਹੋ ਸਕਦੀ ਹੈ, ਚਿੱਟੇ ਦੀ ਨਹੀਂ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਾਵਾਂ ਤੇ ਭੈਣਾਂ ਪੰਜਾਬ ਸਰਕਾਰ ਤੋਂ ਸਵਾਲ ਪੁੱਛਦੀਆਂ ਹਨ, ‘ਸਾਡੇ ਪੁੱਤ ਤੇ ਭਰਾ ਕਦੋਂ ਮੋੜੋਗੇ ?’ ਪਰ ਸਰਕਾਰ ਜਵਾਬ ਦੇਣ ਦੀ ਬਜਾਇ ਨਸ਼ੇ ਖ਼ਿਲਾਫ਼ ਬੋਲਣ ਵਾਲਿਆਂ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਰ ਇਹ ਪੰਜਾਬ ਦੀ ਆਵਾਜ਼ ਹੈ, ਇਸ ਨੂੰ ਕੋਈ ਨਹੀਂ ਦਬਾ ਸਕਦਾ। ਕੇਵਲ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਪੰਜਾਬ ਦਾ ਸਭ ਕੁਝ ਬਰਬਾਦ ਕਰ ਦਿੱਤਾ, ਪੰਜਾਬ ਦਾ ਹਰ ਵਰਗ ਦੁਖੀ ਹੈ। ਪੰਜਾਬ ਦੇ ਲੋਕ ਕਹਿ ਰਹੇ ਹਨ, ਚੋਣ ਜ਼ਾਬਤਾ ਲੱਗਣ ਦਿਓ, ਪਿੰਡ-ਪਿੰਡ ਬੋਰਡ ਲਾ ਦਿਆਂਗੇ ਕਿ ‘ਆਪ’ ਵਾਲੇ ਪਿੰਡਾਂ ਵਿੱਚ ਨਹੀਂ ਵੜ ਸਕਦੇ। ਭਾਰਤੀ ਜਨਤਾ ਪਾਰਟੀ ਦੇ ਕੌਮੀ ਉਪ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਅੱਜ ਪੰਜਾਬ ਆਪਣੀ ਪਛਾਣ ਗੁਆਉਂਦਾ ਜਾ ਰਿਹਾ ਹੈ। ਪੰਜਾਬ ਦੀ ਜੋ ਤਸਵੀਰ ਪਹਿਲਾਂ ਹੁੰਦੀ ਸੀ, ਹੁਣ ਉਹ ਤਸਵੀਰ ਨਹੀਂ ਰਹੀ। ਆਏ ਦਿਨ ਨਸ਼ਿਆਂ ਕਾਰਨ ਪੰਜਾਬ ਦੇ ਹਾਲਾਤ ਖ਼ਰਾਬ ਹੁੰਦੇ ਜਾ ਰਹੇ ਹਨ, ਜਿਸ ਕਾਰਨ ਪੰਜਾਬ ਦੇਸ਼ ਭਰ ਵਿੱਚ ਬਦਨਾਮ ਹੋ ਰਿਹਾ ਹੈ। ਅਸ਼ਵਨੀ ਸ਼ਰਮਾ ਨੇ ਕਿਹਾ ਕਿ ਸ਼ਿਆਮਾ ਪ੍ਰਸਾਦ ਮੁਖਰਜੀ ਨਾਲ ਸਬੰਧਤ ਇਤਿਹਾਸਕ ਸਥਾਨ ਤੋਂ ਯਾਤਰਾ ਸ਼ੁਰੂ ਕਰਕੇ ਭਾਜਪਾ ਨੇ ਨਸ਼ਿਆਂ ਖ਼ਿਲਾਫ਼ ਲੋਕ ਅੰਦੋਲਨ ਸ਼ੁਰੂ ਕੀਤਾ ਹੈ। ਇਸ ਦਾ ਬੈਨਰ ਸਿਆਸੀ ਹੋ ਸਕਦਾ ਹੈ, ਪਰ ਸਮੱਸਿਆ ਘਰ-ਘਰ ਦੀ ਹੈ। ਪੰਜਾਬ ਵਿੱਚ ਯੁੱਧ ਨਸ਼ਿਆਂ ਵਿਰੁੱਧ ਪ੍ਰਚਾਰ ਬਣ ਕੇ ਰਹਿ ਗਿਆ। ਪਰ ਭਾਜਪਾ ਦੇ ਸੰਕਲਪ ਮੁਤਾਬਕ ਦੇਸ਼ ਨੂੰ ਨਸ਼ਿਆਂ ਤੋਂ ਮੁਕਤ ਕਰਨ ਦੀ ਲੜਾਈ ਪੰਜਾਬ ਤੋਂ ਸ਼ੁਰੂ ਹੋਈ ਹੈ। ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ, ਸੰਸਦੀ ਕਮੇਟੀ ਮੈਂਬਰ ਇਕਬਾਲ ਸਿੰਘ ਲਾਲਪੁਰਾ, ਸਾਬਕਾ ਲੋਕ ਸਭਾ ਮੈਂਬਰ ਪ੍ਰਨੀਤ ਕੌਰ, ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ, ਸਾਬਕਾ ਮੰਤਰੀ ਪੰਜਾਬ ਮਨੋਰੰਜਨ ਕਾਲੀਆ, ਮੁਕੇਰੀਆਂ ਤੋਂ ਵਿਧਾਇਕ ਜੰਗੀ ਲਾਲ ਮਹਾਜਨ, ਪੰਜਾਬ ਵਿਧਾਨ ਸਭਾ ਦੇ ਸਾਬਕਾ ਡਿਪਟੀ ਸਪੀਕਰ ਦਿਨੇਸ਼ ਬੱਬੂ ਨੇ ਵੀ ਸੰਬੋਧਨ ਕੀਤਾ। ਪੰਜਾਬ ਮਾਮਲਿਆਂ ਦੇ ਇੰਚਾਰਜ ਸਤੀਸ਼ ਪੂਨੀਆ, ਸਹਿ-ਇੰਚਾਰਜ ਸੌਦਾਨ ਸਿੰਘ, ਸਹਿ-ਇੰਚਾਰਜ ਡਾ. ਨਰਿੰਦਰ ਸਿੰਘ ਰੈਣਾ, ਰਾਜ ਸਭਾ ਮੈਂਬਰ ਤਰੁਣ ਚੁੱਘ, ਰਾਜ ਸਭਾ ਮੈਂਬਰ ਬਿਕਰਮਜੀਤ ਸਾਹਨੀ, ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਪੰਜਾਬ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ, ਪੰਜਾਬ ਭਾਜਪਾ ਦੇ ਜਨਰਲ ਸਕੱਤਰ ਅਨਿਲ ਸਰੀਨ, ਰਾਜ ਸਭਾ ਮੈਂਬਰ ਰਾਘਵ ਚੱਢਾ, ਭਾਜਪਾ ਆਗੂ ਐੱਚ.ਐੱਸ.ਫੂਲਕਾ, ਸਾਬਕਾ ਮੰਤਰੀ ਸੁਰਜੀਤ ਕੁਮਾਰ ਜਿਆਣੀ, ਰਾਕੇਸ਼ ਕੁਮਾਰ ਰਾਠੌਰ, ਕੇ.ਡੀ. ਭੰਡਾਰੀ, ਰਵੀ ਕਰਨ ਸਿੰਘ ਕਾਹਲੋਂ, ਸੂਰਜ ਭਾਰਦਵਾਜ, ਮਾਨਵ ਤਨੇਜਾ, ਪੰਜਾਬ ਭਾਜਪਾ ਮਹਿਲਾ ਵਿੰਗ ਪ੍ਰਧਾਨ ਜੈ ਇੰਦਰ ਕੌਰ, ਅਮਨਜੋਤ ਕੌਰ ਰਾਮੂਵਾਲੀਆ, ਸਾਬਕਾ ਵਿਧਾਇਕ ਅਸ਼ਵਨੀ ਸ਼ੇਖੜੀ, ਸਾਬਕਾ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਸਾਬਕਾ ਮੰਤਰੀ ਸੋਮ ਪ੍ਰਕਾਸ਼, ਸਾਬਕਾ ਲੋਕ ਸਭਾ ਮੈਂਬਰ ਪ੍ਰਨੀਤ ਕੌਰ, ਰਾਣਾ ਗੁਰਮੀਤ ਸਿੰਘ ਸੋਢੀ, ਜ਼ਿਲ੍ਹਾ ਪ੍ਰਧਾਨ ਸੁਰੇਸ਼ ਸ਼ਰਮਾ, ਮੀਨਾ ਤਰਨਾਇਕ, ਠਾਕੁਰ ਦਿਨੇਸ਼ ਸਿੰਘ ਬੱਬੂ, ਸੀਮਾ ਕੁਮਾਰੀ, ਰਕੇਸ਼ ਸ਼ਰਮਾ, ਰਾਜਨ ਮਲਹੋਤਰਾ, ਰਜੇਸ਼ ਹਨੀ, ਪ੍ਰਦੀਪ ਰੈਣਾ, ਪ੍ਰੋ. ਸਰਚਾਂਦ ਸਿੰਘ ਖਿਆਲਾ, ਗੀਤਕਾਰ ਸ਼ੈਗੀ ਬੌਂਸ, ਬੋਨੀ ਅਜਨਾਲਾ, ਅਜੈਬੀਰਪਾਲ ਸਿੰਘ ਰੰਧਾਵਾ ਸਣੇ ਹੋਰ ਕਈ ਆਗੂ ਹਾਜ਼ਰ ਸਨ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ

# ਵਾਰਡ ਨੰ. 4 ਤੋਂ ਬੱਸ ਰਵਾਨਾ ਕੀਤੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਖ-ਵੱਖ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਵਾਰਡ ਨੰਬਰ 4 ਐਮਸੀ ਰਾਜੀਵ ਚੌਧਰੀ ਦੀ ਅਗਵਾਈ ਹੇਠ ਆਪਣੇ ਵਾਰਡ ਦੇ ਵਾਸੀਆਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ ਕੀਤੀ ਗਈ। ਬੱਸ ਨੂੰ ਰਵਾਨਾ ਕਰਨ ਦੀ ਰਸਮ ਮਿਉਸਪਲ ਕਮੇਟੀ ਧੂਰੀ ਦੇ ਸੀਨੀਅਰ ਮੀਤ ਪ੍ਰਧਾਨ ਸੁਸੀਲ ਰਾਣੀ ਦੇ ਪਤੀ ਮਨੀਸ ਕੁਮਾਰ ਜਿੰਦਲ ਨੇ ਕੀਤੀ ਗਈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮਨੀਸ ਕੁਮਾਰ ਜਿੰਦਲ ਨੇ ਕਿਹਾ ਕਿ ਇਹ ਬੱਸਾਂ ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਲੈ ਕੇ ਜਾ ਰਹੀਆ ਹਨ ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਉਪਰਾਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤਾਂ ਜੋ ਉਹ ਬਿਨਾਂ ਕਿਸੇ ਵਿੱਤੀ ਬੋਝ ਦੇ ਆਪਣੀ ਤੀਰਥ ਯਾਤਰਾ ਦੀ ਇੱਛਾ ਪੂਰੀ ਕਰ ਸਕਣ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯਾਤਰਾ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਏ.ਸੀ. ਸਲੀਪਰ ਬੱਸ ਯਾਤਰਾ ਦੇ ਨਾਲ-ਨਾਲ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਵੀ ਮੁਫ਼ਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਅਤੇ ਸਮਾਜਿਕ ਭਾਵਨਾਵਾਂ ਦਾ ਸਨਮਾਨ ਕਰਦਿਆਂ ਅਜਿਹੇ ਲੋਕ-ਪੱਖੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇਗੀ।

ਡਿਜੀਟਲ ਪੇਮੈਂਟਸ 'ਤੇ ਚਾਰਜ

# ਕੀ ਇਹ ਸਰਕਾਰੀ ਟੈਕਸ ਹੈ ਜਾਂ ਵੱਡਾ ਕਾਰਪੋਰੇਟ ਬਿਜ਼ਨਸ ਮਾਡਲ: ਮਨਜੀਤ ਸਿੰਘ ਸੈਣੀ



ਚੌਕ ਮਹਿਤਾ 18 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )ਪਿਛਲੇ ਕੁਝ ਦਿਨਾਂ ਤੋਂ UPI ਰਾਹੀਂ 2000 ਤੋਂ ਵੱਧ ਦੇ ਲੈਣ-ਦੇਣ 'ਤੇ ਲੱਗਣ ਵਾਲੇ ਚਾਰਜਾਂ ਦੀ ਖ਼ਬਰ ਨੇ ਆਮ ਜਨਤਾ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਜ਼ਿਆਦਾਤਰ ਲੋਕ ਇਹ ਸਮਝ ਰਹੇ ਹਨ ਕਿ ਇਹ ਪੈਸਾ ਸਰਕਾਰ ਦੇ ਖਜ਼ਾਨੇ ਵਿੱਚ ਜਾਵੇਗਾ ਜਾਂ ਬੈਂਕਾਂ ਦੀ ਕਮਾਈ ਦਾ ਇੱਕ ਹੋਰ ਨਵਾਂ ਜ਼ਰੀਆ ਬਣ ਗਿਆ ਹੈ। ਪਰ ਆਮ ਜਨਤਾ ਲਈ ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਇਸ ਫੈਸਲੇ ਦੇ ਪਿੱਛੇ ਅਸਲ ਵਿੱਚ ਕਿਹੜਾ ਵਪਾਰਕ ਮਾਡਲ ਕੰਮ ਕਰ ਰਿਹਾ ਹੈ ਅਤੇ ਭਵਿੱਖ ਵਿੱਚ ਡਿਜੀਟਲ ਲੈਣ-ਦੇਣ ਦਾ ਬਾਜ਼ਾਰ ਕਿਹੋ ਜਿਹਾ ਹੋਣ ਵਾਲਾ ਹੈ। ਸਭ ਤੋਂ ਪਹਿਲਾਂ ਇਹ ਸਪੱਸ਼ਟ ਕਰਨਾ ਜ਼ਰੂਰੀ ਹੈ ਕਿ ਇਹ ਨਵਾਂ ਚਾਰਜ ਕੋਈ ਸਰਕਾਰੀ ਟੈਕਸ ਨਹੀਂ ਹੈ। ਇਹ ਚਾਰਜ ਸਿਰਫ਼ ਉਦੋਂ ਲੱਗਦਾ ਹੈ ਜਦੋਂ ਪੇਮੈਂਟ ਪ੍ਰਾਈਵੇਟ ਕੰਪਨੀਆਂ ਦੇ ਡਿਜੀਟਲ ਵਾਲੇਟ ਰਾਹੀਂ ਕੀਤੀ ਜਾਂਦੀ ਹੈ। ਇਹ ਪੈਸਾ ਗਾਹਕ ਦੀ ਬਜਾਏ ਵਪਾਰੀ ਦੇ ਖਾਤੇ ਵਿੱਚੋਂ ਕੱਟ ਕੇ ਸਿੱਧਾ ਟ੍ਰਾਂਜੈਕਸ਼ਨ ਸਹੂਲਤ ਦੇਣ ਵਾਲੀਆਂ ਪ੍ਰਾਈਵੇਟ ਕੰਪਨੀਆਂ ਨੂੰ ਜਾਂਦਾ ਹੈ। ਆਮ ਬੈਂਕ-ਤੋਂ-ਬੈਂਕ UPI ਲੈਣ-ਦੇਣ ਅਜੇ ਵੀ ਮੁਫ਼ਤ ਹੈ।

**'ਮੁਫ਼ਤ' ਦੀ ਆਦਤ ਅਤੇ ਕਾਰਪੋਰੇਟ ਰਣਨੀਤੀ**-ਜੇਕਰ ਅਸੀਂ ਟੈਲੀਕਾਮ ਸੈਕਟਰ ਦੇ ਪਿਛਲੇ ਕੁਝ ਸਾਲਾਂ ਦੇ ਇਤਿਹਾਸ 'ਤੇ ਝਾਤ ਮਾਰੀਏ, ਤਾਂ ਅਸੀਂ ਦੇਖਿਆ ਹੈ ਕਿ ਕਿਵੇਂ ਪਹਿਲਾਂ ਮੁਫ਼ਤ ਇੰਟਰਨੈੱਟ ਅਤੇ ਕਾਲਿੰਗ ਦੇ ਕੇ ਪੂਰੇ ਦੇਸ਼ ਨੂੰ ਡਾਟਾ ਵਰਤਣ ਦੀ ਆਦਤ ਪਾਈ ਗਈ। ਜਦੋਂ ਛੋਟੀਆਂ ਕੰਪਨੀਆਂ ਬਾਜ਼ਾਰ ਵਿੱਚੋਂ ਬਾਹਰ ਹੋ ਗਈਆਂ ਅਤੇ ਗਾਹਕ ਪੂਰੀ ਤਰ੍ਹਾਂ ਨਿਰਭਰ ਹੋ ਗਏ, ਤਾਂ ਹੌਲੀ-ਹੌਲੀ ਰਿਚਾਰਜ ਮਹਿੰਗੇ ਕਰ ਦਿੱਤੇ ਗਏ। ਡਿਜੀਟਲ ਪੇਮੈਂਟ ਕੰਪਨੀਆਂ ਦਾ ਮਾਡਲ ਵੀ ਇਸੇ ਰਣਨੀਤੀ ਵੱਲ ਇਸ਼ਾਰਾ ਕਰਦਾ ਹੈ। ਸ਼ੁਰੂਆਤ ਵਿੱਚ ਇਹਨਾਂ ਕੰਪਨੀਆਂ ਨੇ ਮੁਫ਼ਤ ਸੇਵਾਵਾਂ ਅਤੇ ਕੈਸ਼ਬੈਕ ਵੰਡ ਕੇ ਭਾਰਤੀਆਂ ਨੂੰ ਨਕਦੀ ਛੱਡ ਕੇ ਮੋਬਾਈਲ ਰਾਹੀਂ ਭੁਗਤਾਨ ਕਰਨ ਦੀ ਆਦਤ ਪਾਈ। ਹੁਣ ਜਦੋਂ ਹਰ ਛੋਟਾ-ਵੱਡਾ ਵਪਾਰੀ ਇਹਨਾਂ ਐਪਾਂ 'ਤੇ ਪੂਰੀ ਤਰ੍ਹਾਂ ਨਿਰਭਰ ਹੋ ਚੁੱਕਾ ਹੈ, ਤਾਂ ਸਰਚਾਰਜ ਅਤੇ ਫੀਸਾਂ ਲਾਗੂ ਕਰਕੇ ਅਸਲ 'ਬਿਜ਼ਨਸ ਮਾਡਲ' ਸ਼ੁਰੂ ਕੀਤਾ ਜਾ ਰਿਹਾ ਹੈ।

**ਵਿਸ਼ਵ ਪੱਧਰੀ ਬਿਜ਼ਨਸ ਮਾਡਲ ਦੀ ਭਾਰਤ ਵਿੱਚ ਐਂਟਰੀ**-ਵਿਸ਼ਵ ਪੱਧਰ 'ਤੇ ਡਿਜੀਟਲ ਪੇਮੈਂਟਸ ਇੱਕ ਅਰਬਾਂ ਡਾਲਰਾਂ ਦੀ ਇੰਡਸਟਰੀ ਹੈ। ਵਿਕਸਿਤ ਦੇਸ਼ਾਂ ਵਿੱਚ ਕਈ ਵੱਡੀਆਂ ਪੇਮੈਂਟ ਕੰਪਨੀਆਂ ਹਰ ਲੈਣ-ਦੇਣ 'ਤੇ 1.5% ਤੋਂ 3.5% ਤੱਕ ਫੀਸ ਵਸੂਲਦੀਆਂ ਹਨ। ਕਾਰਪੋਰੇਟ ਜਗਤ ਜਾਣਦਾ ਹੈ ਕਿ ਭਾਰਤ ਦੀ ਵਿਸ਼ਾਲ ਆਬਾਦੀ ਦੁਨੀਆ ਦਾ ਸਭ ਤੋਂ ਵੱਡਾ ਬਾਜ਼ਾਰ ਹੈ। ਜੇਕਰ ਉਹ ਹਰ ਟ੍ਰਾਂਜੈਕਸ਼ਨ ਪਿੱਛੇ ਮਾਮੂਲੀ ਫੀਸ ਵੀ ਵਸੂਲਣ, ਤਾਂ ਉਹਨਾਂ ਦੀ ਕਮਾਈ ਅਰਬਾਂ ਵਿੱਚ ਹੋਵੇਗੀ। ਇਹ ਨਵਾਂ ਚਾਰਜ ਉਸੇ ਵੱਡੇ ਗਲੋਬਲ ਬਿਜ਼ਨਸ ਮਾਡਲ ਨੂੰ ਭਾਰਤ ਵਿੱਚ ਸਥਾਪਿਤ ਕਰਨ ਦੀ ਸ਼ੁਰੂਆਤ ਜਾਪਦਾ ਹੈ।

**ਕਾਰਪੋਰੇਟ ਏਕਾਧਿਕਾਰ ਦਾ ਖ਼ਤਰਾ**-ਇੱਥੇ ਇੱਕ ਹੋਰ ਵੱਡਾ ਖਦਸ਼ਾ ਪੈਦਾ ਹੁੰਦਾ ਹੈ। ਆਉਣ ਵਾਲੇ ਸਮੇਂ ਵਿੱਚ ਜਦੋਂ ਡਿਜੀਟਲ ਭੁਗਤਾਨ 'ਤੇ ਫੀਸਾਂ ਲਾਗੂ ਹੋਣ ਦੀ ਪ੍ਰਕਿਰਿਆ ਆਮ ਹੋ ਜਾਵੇਗੀ, ਤਾਂ ਸੰਭਾਵਨਾ ਹੈ ਕਿ ਦੇਸ਼ ਦੇ ਕੁਝ ਵੱਡੇ ਕਾਰਪੋਰੇਟ ਘਰਾਣੇ ਆਪਣੇ ਵਿਸ਼ਾਲ ਸਾਧਨਾਂ ਨਾਲ ਇਸ ਖੇਤਰ ਵਿੱਚ ਪੂਰੀ ਤਰ੍ਹਾਂ ਛਾ ਜਾਣਗੇ। ਜਦੋਂ ਬਾਜ਼ਾਰ ਵਿੱਚ ਸਿਰਫ਼ ਦੋ-ਚਾਰ ਵੱਡੀਆਂ ਕੰਪਨੀਆਂ ਦਾ ਏਕਾਧਿਕਾਰ ਰਹਿ ਜਾਵੇਗਾ, ਤਾਂ ਉਹ ਆਪਣੀ ਮਰਜ਼ੀ ਮੁਤਾਬਕ ਫੀਸਾਂ ਤੈਅ ਕਰ ਸਕਦੀਆਂ ਹਨ।

ਬਿਨਾਂ ਸ਼ੱਕ, ਡਿਜੀਟਾਈਜ਼ੇਸ਼ਨ ਅਤੇ ਤੇਜ਼ ਲੈਣ-ਦੇਣ ਦੇਸ਼ ਦੀ ਤਰੱਕੀ ਲਈ ਬਹੁਤ ਜ਼ਰੂਰੀ ਹਨ। ਪਰ ਭਾਰਤੀ ਜਨਤਾ ਨੂੰ ਆਰਥਿਕ ਤੌਰ 'ਤੇ ਜਾਗਰੂਕ ਹੋਣਾ ਵੀ ਲਾਜ਼ਮੀ ਹੈ। ਅੱਜ ਜੋ ਸੇਵਾਵਾਂ "ਮੁਫ਼ਤ" ਜਾਪਦੀਆਂ ਹਨ, ਉਹ ਭਵਿੱਖ ਵਿੱਚ ਵਪਾਰਕ ਮੁਨਾਫ਼ੇ ਦਾ ਸਾਧਨ ਬਣਨਗੀਆਂ। ਇਸ ਲਈ ਸਰਕਾਰ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਮ ਆਦਮੀ ਅਤੇ ਛੋਟੇ ਵਪਾਰੀਆਂ ਨੂੰ ਭਵਿੱਖ ਦੀਆਂ ਮਨਮਾਨੀਆਂ ਫੀਸਾਂ ਅਤੇ ਕਾਰਪੋਰੇਟ ਏਕਾਧਿਕਾਰ ਤੋਂ ਬਚਾਉਣ ਲਈ ਹੁਣ ਤੋਂ ਹੀ ਸਖ਼ਤ ਨਿਯਮ ਬਣਾਵੇ, ਤਾਂ ਜੋ ਡਿਜੀਟਲ ਤਰੱਕੀ ਆਮ ਲੋਕਾਂ 'ਤੇ ਆਰਥਿਕ ਬੋਝ ਨਾ ਬਣੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਹੇਮਕੁੰਟ ਸਾਹਿਬ ਦੀ ਪਵਿੱਤਰ ਯਾਤਰਾ ਪ੍ਰੀਤ ਦੀ ਰੀਤ, ਅਟੁੱਟ ਆਸਥਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਬਉੱਚਤਾ



ਸਿਦਕ, ਸਾਧਨਾ ਅਤੇ ਸਰਬਉੱਚ ਸਮਰਪਣ 26 ਸਾਲਾਂ ਦੀ ਅਟੁੱਟ ਲਗਨ ਨਾਲ ਹਰ ਵਾਰ ਨਵੀਂ ਅਲੌਕਿਕ ਛੋਹ ਦਿੰਦੀ ਸ੍ਰੀ ਹੇਮਕੁੰਟ ਸਾਹਿਬ ਦੀ ਪਾਵਨ ਯਾਤਰਾ ਸ਼ੰਕਾਕਾਰਾਂ ਨੂੰ ਸਪੱਸ਼ਟ ਉੱਤਰ ਜਿੱਥੇ ਧੁਰ ਕੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋ ਗਿਆ, ਉੱਥੇ ਕਿਸੇ ਇਤਿਹਾਸਕ ਪ੍ਰਮਾਣ ਦੀ ਲੋੜ ਨਹੀਂ ਰਹਿ ਜਾਂਦੀ ਗੁਰਸਿੱਖੀ ਦਾ ਅਸਲ ਮੂਲ ਸਿਧਾਂਤ ਅਤੇ ਰੂਹਾਨੀਅਤ ਦਾ ਕੇਂਦਰ ਜਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਹਨ। ਜਿਸ ਪਵਿੱਤਰ ਅਸਥਾਨ ਉੱਤੇ ਧੁਰ ਕੀ ਬਾਣੀ ਦਾ ਪ੍ਰਕਾਸ਼ ਹੋ ਜਾਵੇ, ਉਹ ਧਰਤੀ ਆਪੇ ਵਿੱਚ ਹੀ ਅਲੌਕਿਕ, ਪਾਵਨ ਅਤੇ ਪੂਜਣਯੋਗ ਹੋ ਜਾਂਦੀ ਹੈ। ਅਜਿਹੇ ਪਾਵਨ ਧਾਮ ਉੱਤੇ ਕਿਸੇ ਵੀ ਕਿਸਮ ਦੀ ਇਤਿਹਾਸਕ ਸ਼ੰਕਾ ਕਰਨੀ ਗੁਰਮਤਿ ਦੇ ਮੂਲ ਸਿਧਾਂਤ ਤੋਂ ਅਣਜਾਣ ਹੋਣ ਦੇ ਬਰਾਬਰ ਹੈ। ਗੁਰੂ ਸਾਹਿਬ ਤੋਂ ਉੱਪਰ ਸੰਸਾਰ ਵਿੱਚ ਕੋਈ ਤੱਤ ਨਹੀਂ, ਅਤੇ ਗੁਰੂ ਦੇ ਦਰਬਾਰ ਅੱਗੇ ਸਾਰੇ ਦੰਦ-ਕਥਾਵਾਂ ਤੇ ਤਰਕ ਫਿੱਕੇ ਪੈ ਜਾਂਦੇ ਹਨ। ਸ੍ਰੀ ਹੇਮਕੁੰਟ ਸਾਹਿਬ ਦਾ ਜ਼ਿਕਰ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਪਾਵਨ ਰਚਨਾ 'ਬਚਿਤ੍ਰ ਨਾਟਕ' (ਦਸਮ ਗ੍ਰੰਥ ਸਾਹਿਬ, ਅਧਿਆਇ 6) ਵਿੱਚ ਸਪੱਸ਼ਟ ਤੌਰ 'ਤੇ ਕੀਤਾ ਹੈ:

"ਹੇਮਕੁੰਟ ਪਰਬਤ ਹੈ ਜਹਾ ॥ ਸਪਤ ਸ੍ਰਿੰਗ ਸੋਭਿਤ ਹੈ ਤਹਾ ॥1॥"
"ਤਹ ਹਮ ਅਧਿਕ ਤਪੱਸਿਆ ਸਾਧੀ ॥ ਮਹਾਕਾਲ ਕਾਲਿਕਾ ਅਰਾਧੀ ॥2॥"

ਇਸ ਪਾਵਨ ਅਸਥਾਨ ਦੀ ਖੋਜ ਸੋਧਕਾਂ ਅਤੇ ਗੁਰਸਿੱਖਾਂ (ਜਿਵੇਂ ਭਾਈ ਸੋਹਣ ਸਿੰਘ ਅਤੇ ਬਾਬਾ ਮੋਹਨ ਸਿੰਘ) ਨੇ ਗੁਰਬਾਣੀ ਅਤੇ ਇਤਿਹਾਸਕ ਸੋਧ ਦੇ ਆਧਾਰ 'ਤੇ ਕੀਤੀ ਸੀ। ਪ੍ਰੰਤੂ, ਗੁਰਸਿੱਖ ਲਈ ਸਭ ਤੋਂ ਵੱਡਾ ਪ੍ਰਮਾਣ ਇਹ ਹੈ ਕਿ ਉੱਥੇ ਜਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਗੂੰਜਦੀ ਹੈ।

ਨਿਭਾਅ ਦੀ ਪ੍ਰੀਤ ਅਤੇ ਅਟੁੱਟ ਆਸਥਾ ਦੀ ਗੱਲ ਕਰੀਏ ਤਾਂ ਲਗਾਤਾਰ 26 ਸਾਲਾਂ ਤੋਂ ਇਸ ਦੁਰਗਮ ਪਹਾੜੀ ਪੰਧ ਦੀ ਯਾਤਰਾ ਕਰਦਿਆਂ ਹਰ ਵਾਰ ਇਹੀ ਅਨੁਭਵ ਹੁੰਦਾ ਹੈ ਜਿਵੇਂ ਗੁਰੂ ਦਰਬਾਰ ਵਿੱਚ ਪਹਿਲੀ ਵਾਰ ਹਾਜ਼ਰੀ ਭਰੀ ਹੋਵੇ। ਮਨ ਵਿੱਚ ਕਦੇ ਵੀ ਆਲਸ ਜਾਂ ਅੱਕਣ ਦਾ ਖ਼ਿਆਲ ਤੱਕ ਨਹੀਂ ਆਉਂਦਾ; ਹਰ ਚਰਨ-ਛੋਹ ਨਾਲ ਆਤਮਾ ਨੂੰ ਨਵੀਂ ਤਾਜ਼ਗੀ ਮਿਲਦੀ ਹੈ। ਇਹ ਸਭ ਉਸ ਅਕਾਲ ਪੁਰਖ ਦੀ ਅਪਾਰ ਕਿਰਪਾ ਅਤੇ ਦਾਤਾਂ ਦੀ ਬਰਕਤ ਦਾ ਪ੍ਰਤੱਖ ਪ੍ਰਮਾਣ ਹੈ। ਗੁਰਸਿੱਖ ਦਾ ਨੇਹੁ ਆਪਣੇ ਗੁਰੂ ਨਾਲ ਅਜਿਹਾ ਹੈ ਜਿਹੜਾ ਕਿਸੇ ਵੀ ਬਿਖੜੇ ਪੰਧ, ਬਰਫ਼ਬਾਰੀ, ਮੀਂਹ ਜਾਂ ਝੱਖੜ ਨਾਲ ਕਦੇ ਟੁੱਟ ਨਹੀਂ ਸਕਦਾ।

ਗੁਰੂ ਸਾਹਿਬ ਦੇ ਉਪਦੇਸ਼ ਅਨੁਸਾਰ ਪ੍ਰੇਮ-ਪ੍ਰੀਤ, ਨਿਭਾਅ, ਨਿਤ-ਨੇਮ ਅਤੇ ਗੁਰੂ-ਦਰਸ਼ਨਾਂ ਦੀ ਅਟੁੱਟ ਤੜਪ ਨੂੰ ਦਰਸਾਉਂਦੀਆਂ ਪਾਵਨ ਗੁਰਬਾਣੀ ਦੀਆਂ ਪੰਗਤੀਆਂ ਹੇਠ ਲਿਖੇ ਅਨੁਸਾਰ ਹਨ:

**ਫਰੀਦਾ ਗਲੀਏ ਚਿਕੜੁ ਦੂਰਿ ਘਰੁ ਨਾਲਿ ਪਿਆਰੇ ਨੇਹੁ ॥**
**ਚਲਿ ਚਲੰਦਾ ਭਿਜੈ ਕੰਬਲੀ ਰਹੰਦਾ ਤੁਟੈ ਨੇਹੁ ॥**
**ਭਿਜਉ ਸਿਜਉ ਕੰਬਲੀ ਅਲਹੁ ਵਰਸਉ ਮੇਹੁ ॥**
**ਜਾਇ ਮਿਲਾ ਤਿਨਾ ਸਜਣਾ ਤੁਟਉ ਨਾਹੀ ਨੇਹੁ ॥** **(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ - ਅੰਗ 1379)**

**ਝਖੜ ਝਾਗੀ ਮੀਹੁ ਵਰਸੈ ਭੀ ਗੁਰ ਦੇਖਣ ਜਾਈ ॥**
**ਸਮੁੰਦੁ ਸਾਗਰੁ ਹੋਵੈ ਬਹੁ ਖਾਰਾ ਗੁਰਸਿਖੁ ਲੰਘਿ ਗੁਰ ਪਹਿ ਜਾਈ ॥**
**(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ - ਅੰਗ 757)**

**ਪਾਲਾ ਕਕਰੁ ਬਰਫ ਵਰਸੈ ਗੁਰਸਿਖੁ ਗੁਰ ਦੇਖਣ ਜਾਈ ॥**
**(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ - ਅੰਗ 757)**

**ਚਰਨ ਕਮਲ ਸਿਉ ਪ੍ਰੀਤਿ ਰੀਤਿ ਨਿਤ ਨਵਤਨ ਹੋਈ ॥**
**(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ - ਅੰਗ 713)**

**ਗੁਰ ਕੈ ਗ੍ਰਿਹੈ ਵਸੈ ਨਿਤ ਨੀਤਾ ॥**
**(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ - ਅੰਗ 1075)**

ਅੰਤ ਵਿੱਚ, ਇਹ ਬਿਖੜੇ ਪਹਾੜੀ ਰਸਤੇ, ਠੰਢੀਆਂ ਹਵਾਵਾਂ ਅਤੇ ਬਰਫ਼ ਨਾਲ ਢੱਕੀਆਂ ਚੋਟੀਆਂ ਸਿੱਖ ਦੇ ਸਿਦਕ ਦੀ ਪ੍ਰੀਖਿਆ ਨਹੀਂ, ਸਗੋਂ ਉਸ ਦੀ ਅਗਾਧ ਸ਼ਰਧਾ ਦਾ ਪ੍ਰਮਾਣ ਹਨ। ਜਿੱਥੇ ਗੁਰੂ ਦੀ ਜੋਤਿ ਵਿਰਾਜਮਾਨ ਹੈ, ਉੱਥੇ ਕਿਸੇ ਤਰਕ ਦੀ ਲੋੜ ਨਹੀਂ; ਕੇਵਲ ਨਾਮ ਬਰਕਤਾਂ ਦੇਣ ਵਾਲੇ ਦਾਤੇ ਦਾ ਸ਼ੁਕਰਾਨਾ ਹੀ ਬਾਕੀ ਰਹਿ ਜਾਂਦਾ ਹੈ।

**-ਪਰਗਟ ਸਿੰਘ ਬਲਬੇੜਾ, 9022000070**

# ਯੂਥ ਕਲੱਬ ਮੈਂਬਰਾਂ ਵਲੋਂ ਯੂਥ ਇੰਚਾਰਜ ਵਿਸ਼ਵਪ੍ਰੀਤ ਸਿੰਘ ਨਾਲ ਕੀਤੀ ਮੁਲਾਕਾਤ



ਚੌਕ ਮਹਿਤਾ, 18 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਯੂਥ ਕਲੱਬ ਮੈਂਬਰ ਫੇਸ 9 ਨੇ ਹਲਕਾ ਮੋਹਾਲੀ ਦੇ ਯੂਥ ਇੰਚਾਰਜ ਸ. ਵਿਸ਼ਵਪ੍ਰੀਤ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਵੱਖ-ਵੱਖ ਖੇਡ ਜ਼ਰੂਰਤਾਂ ਅਤੇ ਹੋਰ ਮੁੱਦਿਆਂ 'ਤੇ ਚਰਚਾ ਕੀਤੀ ਅਤੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਜਨਮ ਦਿਵਸ ਦੀ ਯਾਦ ਵਿੱਚ 28 ਸਤੰਬਰ ਨੂੰ ਹੋਣ ਵਾਲੇ ਜਸ਼ਨ-ਏ-ਇਨਕਲਾਬ ਸਮਾਰੋਹ ਲਈ ਨੌਜਵਾਨਾਂ ਨੂੰ ਸੱਦਾ ਪੱਤਰ ਵੀ ਵੰਡੇ ਗਏ ਇਸ ਮੌਕੇ ਵਿਕਰਮ ਸੰਧੂ ਯੂਥ ਕਲੱਬ ਪ੍ਰਧਾਨ ਫੇਜ਼ 9, ਨਦੀਮ ਖਾਨ ਸਕੱਤਰ, ਅਤੇ ਸਰਬਜੀਤ ਸਿੰਘ - ਕੈਸ਼ੀਅਰ ਹਾਜ਼ਰ ਸਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

• ਸਲਾਨਾ ਬਰਸੀ: ਬਾਬਾ ਬਿਧੀ ਚੰਦ ਸਾਹਿਬ ਜੀ ਸੁਰਸਿੰਘ ਅੰਮ੍ਰਿਤਸਰ ਸਾਹਿਬ ਜੀ • ਸਲਾਨਾ ਬਰਸੀ: - ਭਾਈ ਘਨ੍ਹਈਆ ਜੀ ਸ਼੍ਰੀ ਅਨੰਦਪੁਰ ਸਾਹਿਬ ਜੀ • ਜਨਮ ਦਿਵਸ : ਧੰਨ ਬਾਬਾ ਸ੍ਰੀ ਚੰਦ ਸਾਹਿਬ ਜੀ। • ਬਾਬੇ ਦਾ ਵਿਆਹ : ਜੋੜ ਮੇਲਾ ਸ੍ਰੀ ਕੰਧ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਗੁਰਸਿੱਖ ਪ੍ਰਵਾਰ ਭਾਈ ਰਾਜਦੀਪ ਸਿੰਘ ਸੋਰੇਜੀਨਾ ਵੱਲੋਂ ਲਈ ਗਈ ਹੈ



ਗਿਆਨੀ ਜਤਿੰਦਰ ਸਿੰਘ ਜੀ ਸੁਹਾਣਾ ਸਾਹਿਬ ਚੰਡੀਗੜ ਵਿਦਿਆਰਥੀ ਦਮਦਮੀ ਟਕਸਾਲ

ਸ਼ਨਿੱਚਰਵਾਰ 19 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਹਰ ਐਤਵਾਰ 20 ਸਤੰਬਰ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਤਿੰਦਰ ਸਿੰਘ ਸੁਹਾਣਾ ਸਾਹਿਬ ਜੀ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### 'ਯੁੱਧ ਨਸ਼ਿਆਂ ਵਿਰੁੱਧ' ਫੇਜ਼-2 ਤਹਿਤ ਜੰਡਿਆਲਾ ਗੁਰੂ 'ਚ ਹੋਈ ਮੀਟਿੰਗ ਹਰ ਨਾਗਰਿਕ

# ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਵੇ - ਹਰਭਜਨ ਸਿੰਘ ਈ.ਟੀ.ਓ.




**ਜੰਡਿਆਲਾ ਗੁਰੂ 18 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਸੂਬੇ ਦੇ ਲੋਕ ਨਿਰਮਾਣ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਨੇ ਲੋਕਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਲੋਕ ਨਿਰਮਾਣ ਮੰਤਰੀ ਅੱਜ ਜੰਡਿਆਲਾ ਗੁਰੂ ਦੇ ਓਲੀਵ ਗਾਰਡਨ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਫੇਜ਼-2 ਤਹਿਤ ਹਲਕੇ ਦੇ ਸਰਪੰਚਾਂ, ਪੰਚਾਂ, ਚੇਅਰਮੈਨਾਂ, ਕੌਂਸਲਰਾਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ, ਬਲਾਕ ਪ੍ਰਧਾਨਾਂ, ਬਲਾਕ ਸੰਮਤੀ ਮੈਂਬਰਾਂ, ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਅਤੇ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰਾਂ ਨਾਲ ਮੀਟਿੰਗ ਕਰ ਰਹੇ ਸਨ ।ਇਸ ਮੌਕੇ ਸੰਬੋਧਨ ਕਰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਨਸ਼ਾ ਇੱਕ ਗੰਭੀਰ ਸਮਾਜਿਕ ਬੁਰਾਈ ਹੈ ਅਤੇ ਇਸ ਦੇ ਮੁਕੰਮਲ ਖਾਤਮੇ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਯਤਨ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰੀ ਨੂੰ ਰੋਕਣ ਦੇ ਨਾਲ-ਨਾਲ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਵੀ ਲਗਾਤਾਰ ਉਪਰਾਲੇ ਕਰ ਰਹੀ ਹੈ ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਦੂਜੇ ਪਾਸੇ ਨਸ਼ਾ ਪੀੜਤਾਂ ਦੇ ਇਲਾਜ ਅਤੇ ਪੁਨਰਵਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਤਸਕਰੀ ਜਾਂ ਇਸ ਨਾਲ ਸਬੰਧਤ ਕਿਸੇ ਵੀ ਗਤੀਵਿਧੀ ਬਾਰੇ ਜਾਣਕਾਰੀ ਮਿਲਣ 'ਤੇ ਤੁਰੰਤ ਪ੍ਰਸ਼ਾਸਨ ਅਤੇ ਪੁਲਿਸ ਨੂੰ ਸੂਚਿਤ ਕੀਤਾ ਜਾਵੇ ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਪੁਲਿਸ ਦੀ ਜ਼ਿੰਮੇਵਾਰੀ ਨਹੀਂ, ਸਗੋਂ ਇਹ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਬਣੀਆਂ ਡਿਫੈਂਸ ਕਮੇਟੀਆਂ, ਪੰਚਾਇਤੀ ਨੁਮਾਇੰਦੇ, ਕੌਂਸਲਰ, ਸਮਾਜਿਕ ਸੰਸਥਾਵਾਂ ਅਤੇ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰ ਨਸ਼ਿਆਂ ਦੀ ਰੋਕਥਾਮ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰੋਜ਼ਗਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ ।ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ ਸੂਬੇ ਦੀ ਸਭ ਤੋਂ ਵੱਡੀ ਤਾਕਤ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਰਿਵਾਰਾਂ, ਅਧਿਆਪਕਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਸਮੂਹ ਪੰਚਾਇਤੀ ਅਤੇ ਸਥਾਨਕ ਸਰਕਾਰਾਂ ਦੇ ਨੁਮਾਇੰਦਿਆਂ ਨੂੰ ਆਪਣੇ-ਆਪਣੇ ਇਲਾਕਿਆਂ ਵਿੱਚ ਨਸ਼ਿਆਂ ਵਿਰੁੱਧ ਲੋਕ ਲਹਿਰ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫਲ ਬਣਾਉਣ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਟੀਚੇ ਨੂੰ ਹਾਸਲ ਕੀਤਾ ਜਾ ਸਕਦਾ ਹੈ।

**ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਅਵਾਮ ਨੂੰ ਅੱਗੇ ਆਉਣ ਦਾ ਸ੍ਰ ਈ.ਟੀ.ਓ ਨੇ ਦਿੱਤਾ ਸੱਦਾ**

### ਆਈ.ਐੱਸ.ਆਈ. ਗਲੋਬਲ ਇੰਮੀਗ੍ਰੇਸ਼ਨ ਨੇ

# ਲਾਇਆ ਗੋਲ ਗੱਪਿਆਂ ਦਾ ਲੰਗਰ




**ਚੌਂਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)**- ਪਹਿਲੇ ਪਾਤਸ਼ਾਹ ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋਏ ਬਰਾਤ ਰੂਪੀ ਨਗਰ ਕੀਰਤਨ ਦਾ ਅੱਜ ਕਸਬਾ ਚੌਂਕ ਮਹਿਤਾ ਵਿਖੇ ਪਹੁੰਚਣ ਤੇ ਆਈ.ਐੱਸ.ਆਈ. ਗਲੋਬਲ ਇੰਮੀਗ੍ਰੇਸ਼ਨ ਜਲੰਧਰ ਰੋਡ, ਮਹਿਤਾ ਚੌਂਕ ਦੇ ਵੱਲੋਂ ਗੋਲਗੱਪਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਇਕਬਾਲ ਸਿੰਘ ਸ਼ਾਹ ਮਹਿਤਾ, ਰਣਜੀਤ ਸਿੰਘ ਜੱਜ, ਪਲਵਿੰਦਰ ਸਿੰਘ ਪੱਪਾ, ਰਣਜੀਤ ਸਿੰਘ ਗੱਖਾ, ਗੁਰਪ੍ਰੀਤ ਸਿੰਘ ਗੋਪੀ ਭੋਏਵਾਲ ਤੋਂ ਇਲਾਵਾ ਹੋਰ ਨਾਮਵਰ ਸਖਸ਼ੀਅਤਾਂ ਅਤੇ ਸੇਵਾਦਾਰ ਬੀਬੀਆਂ ਮੌਜੂਦ ਸਨ।

# ਵਧੀਆ ਤੇ ਸ਼ਲਾਘਾਯੋਗ ਸੇਵਾਵਾਂ ਬਦਲੇ ਸੁਰਿੰਦਰ ਪਾਲ ਸਿੰਘ ਇੰਸਪੈਕਟਰ ਵਜੋਂ ਪਦਉਨਤ

### ਐਸ.ਐਸ.ਪੀ. ਡਾ. ਰਵਜੋਤ ਗਰੇਵਾਲ ਨੇ ਲਗਾਏ ਸਟਾਰ; ਹੋਰ ਤਨਦੇਹੀ ਤੇ ਸਮਰਪਣ ਨਾਲ ਡਿਊਟੀ ਨਿਭਾਉਣ ਲਈ ਕੀਤਾ ਪ੍ਰੇਰਿਤ



ਸੰਗਰੂਰ ( ਰਣਜੀਤ ਸਿੰਘ ਪੇਧਨੀ )-ਪੰਜਾਬ ਪੁਲਿਸ ਵਿੱਚ ਆਪਣੀ ਡਿਊਟੀ ਦੌਰਾਨ ਵਧੀਆ, ਸ਼ਲਾਘਾਯੋਗ ਅਤੇ ਸਮਰਪਿਤ ਸੇਵਾਵਾਂ ਨਿਭਾਉਣ ਬਦਲੇ ਸੁਰਿੰਦਰ ਪਾਲ ਸਿੰਘ ਨੂੰ ਇੰਸਪੈਕਟਰ ਰੈਂਕ ਵਿੱਚ ਪਦ ਉਨਤ ਕੀਤਾ ਗਿਆ ਹੈ। ਪਦ ਉਨਤੀ ਉਪਰੰਤ ਐਸ.ਐਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ, ਆਈ.ਪੀ.ਐਸ. ਵੱਲੋਂ ਉਨ੍ਹਾਂ ਦੇ ਸਟਾਰ ਲਗਾ ਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਐਸ.ਐਸ.ਪੀ. ਰਵਜੋਤ ਗਰੇਵਾਲ ਨੇ ਇੰਸਪੈਕਟਰ ਸੁਰਿੰਦਰ ਪਾਲ ਸਿੰਘ ਨੂੰ ਪਦ ਉਨਤੀ ਲਈ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਪੁਲਿਸ ਵਿਭਾਗ ਵਿੱਚ ਇਮਾਨਦਾਰੀ, ਅਨੁਸ਼ਾਸਨ, ਤਨਦੇਹੀ ਅਤੇ ਲੋਕ ਸੇਵਾ ਦੀ ਭਾਵਨਾ ਨਾਲ ਨਿਭਾਈ ਗਈ ਡਿਊਟੀ ਦਾ ਵਿਸ਼ੇਸ਼ ਮਹੱਤਵ ਹੈ। ਉਨ੍ਹਾਂ ਕਿਹਾ ਕਿ ਪਦ ਉਨਤੀ ਜਿੱਥੇ ਕਿਸੇ ਅਧਿਕਾਰੀ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਮਾਨਤਾ ਹੁੰਦੀ ਹੈ, ਉੱਥੇ ਇਸ ਨਾਲ ਉਸ ਦੀਆਂ ਜ਼ਿੰਮੇਵਾਰੀਆਂ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇੰਸਪੈਕਟਰ ਸੁਰਿੰਦਰ ਪਾਲ ਸਿੰਘ ਆਪਣੇ ਨਵੇਂ ਅਹੁਦੇ 'ਤੇ ਵੀ ਪੂਰੀ ਲਗਨ, ਮਿਹਨਤ ਅਤੇ ਪੇਸ਼ੇਵਰ ਵਚਨਬੱਧਤਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਪੁਲਿਸ ਵਿਭਾਗ ਦੀ ਸਾਖ਼ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣਗੇ। ਐਸ.ਐਸ.ਪੀ. ਨੇ ਕਿਹਾ ਕਿ ਪੁਲਿਸ ਮੁਲਾਜ਼ਮਾਂ ਅਤੇ ਅਧਿਕਾਰੀਆਂ ਦੀਆਂ ਚੰਗੀਆਂ ਸੇਵਾਵਾਂ ਉਨ੍ਹਾਂ ਦੇ ਸਾਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਦੀਆਂ ਹਨ। ਉਨ੍ਹਾਂ ਸਮੂਹ ਪੁਲਿਸ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਨਿਰਪੱਖਤਾ ਅਤੇ ਲੋਕਾਂ ਪ੍ਰਤੀ ਸੰਵੇਦਨਸ਼ੀਲਤਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਇੰਸਪੈਕਟਰ ਸੁਰਿੰਦਰ ਪਾਲ ਸਿੰਘ ਨੂੰ ਉਨ੍ਹਾਂ ਦੀ ਪਦ ਉਨਤੀ ਲਈ ਹਾਰਦਿਕ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਅਤੇ ਪੁਲਿਸ ਵਿਭਾਗ ਵਿੱਚ ਹੋਰ ਬਿਹਤਰ ਸੇਵਾਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਮਾਨ ਸਰਕਾਰ ਦੇ ਕੰਮਾਂ ਤੋਂ ਖੁਸ਼ ਲੋਕ ਦੁਬਾਰਾ ਸਰਕਾਰ ਬਣਾਉਣ ਨੂੰ ਉਤਾਵਲੇ: -ਹਰਜਿੰਦਰ ਸਿੰਘ ਕਾਂਝਲਾ



ਧੂਰੀ ( ਰਣਜੀਤ ਸਿੰਘ ਪੇਧਨੀ )-ਆਪ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਸਰਕਾਰ ਤੇ ਹਰੇਕ ਵਰਗ ਖੁਸ਼ ਹੈ ਕਿਓਕਿ ਸਰਕਾਰ ਵੱਲੋਂ ਵੋਟਾ ਵੇਲੇ ਕੀਤੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ। ਇਨ੍ਹਾਂ ਵਿਚਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਕੀਤਾ। ਉਨ੍ਹਾਂ ਕਿ ਹਮੇਸ਼ਾ ਤੋ ਦੇਖਦੇ ਆਏ ਹਾ ਕੇ ਸੂਬੇ ਅੰਦਰ ਭਾਂਤ ਭਾਤ ਦੀਆ ਬਹੁਤ ਸਰਕਾਰਾ ਬਣੀਆ ਪਰ ਕਿਸੇ ਵੀ ਪਾਰਟੀ ਦੀ ਸਰਕਾਰ ਨੇ ਹੁਣ ਤੱਕ ਆਪਣੇ ਵੱਲੋਂ ਕੀਤੇ ਗਏ ਸਾਰੇ ਵਾਧੇ ਪੂਰੇ ਨਹੀਂ ਕੀਤੇ। ਉਨਾ ਕਿਹਾ ਕਿ ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪਹਿਲੀ ਇਹੋ ਜਿਹੀ ਸਰਕਾਰ ਹੈ ਜਿਹੜੀ ਹੁਣ ਤੱਕ ਆਪਣੇ ਸਾਰੇ ਵਾਧੇ ਪੂਰੇ ਕਰ ਚੁੱਕੀ ਹੈ। ਉਨਾਂ ਕਿਹਾ ਕਿ ਸੂਬੇ 'ਚ ਜਿਵੇਂ ਬਿਜਲੀ ਫਰੀ, ਮਾਵਾ ਧੀਆ ਸਤਕਾਰ ਯੋਜਨਾ, ਟਾਈਲਾਂ ਤੱਕ ਕਿਸਾਨਾਂ ਨੂੰ ਪਾਣੀ, ਤੀਰਥ ਯਾਤਰਾ ਯੋਜਨਾ ਅਤੇ ਹਰ ਵੀ ਬਹੁਤ ਸਾਰੀਆ ਭਲਾਈ ਸਕੀਮਾਂ ਚਲਾਈਆ ਹੋਈਆ ਹਨ ਜਿਨ੍ਹਾਂ ਦਾ ਲਾਭਹਰ ਵਰਗ ਲੈ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਇਤਿਹਾਸ ਵਿੱਚ ਪਹਿਲੀ ਵਾਰ ਹੋਵੇਗਾ ਕਿ 'ਆਪ' ਦੇ ਵਲੰਟੀਅਰ ਕੀਤੇ ਗਏ ਵਿਕਾਸ ਦੱਸ ਕੇ ਵੋਟਾ ਮੰਗਣ ਜਾਣਗੇ ਅਤੇ ਪਹਿਲਾ ਤੋਂ ਵੱਧ ਸੀਟਾ ਜਿੱਤ ਕੇ ਸਰਕਾਰ ਬਣਾਉਣਗੇ।

## ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਨੈਤਿਕ ਸਿੱਖਿਆ ਪ੍ਰੀਖਿਆ 2026 ਦੇ ਨਤੀਜੇ ਐਲਾਨੇ

**ਪੱਟੀ 18 ਸਤੰਬਰ (ਆਵਾਜ਼ਿ ਕੌਮ ਬਿਊਰੋ)** -ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ ਤਰਨਤਾਰਨ ਜੋਨ ਦੇ ਖ਼ੇਤਰ ਪੱਟੀ, ਭਿੱਖੀਵਿੰਡ, ਝਬਾਲ, ਤਰਨਤਾਰਨ ਵੱਲੋਂ ਨੈਤਿਕ ਸਿੱਖਿਆ ਇਮਤਿਹਾਨ ਦਾ ਨਤੀਜਾ ਅੱਜ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਜ਼ਿਲਾ ਪ੍ਰਧਾਨ ਮਾਸਟਰ ਦਰਬਾਰਾ ਸਿੰਘ ਦੀ ਸਰਪ੍ਰਸਤੀ ਹੇਠ ਐਲਾਨਿਆ ਗਿਆ ।ਜਿਸ ਵਿੱਚ ਹਰਜਿੰਦਰ ਸਿੰਘ ਮਾਣਕਪੁਰ ਡਿਪਟੀ ਚੀਫ ਸੈਕਟਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਨਤੀਜਾ ਘੋਸ਼ਿਤ ਕੀਤਾ। ਜਿਸ ਵਿੱਚ ਦਰਜ਼ਾ ਪਹਿਲਾ ਦੇ ਗੁਰਨੂਰ ਸਿੰਘ ਲੋਟਸ ਵੈਲੀ ਸਕੂਲ ਕੋਟ ਮਹੁੰਮਦ ਖਾਂ ਨੇ ਪਹਿਲਾਂ ਸਥਾਨ ਹਾਸਲ ਕੀਤਾ, ਮਨਰਾਜ ਸਿੰਘ ਬ੍ਰਿਟਿਸ਼ ਵਿਕਟੋਰੀਆ ਸਕੂਲ ਗੋਇੰਦਵਾਲ ਸਾਹਿਬ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਖੁਸ਼ਦੀਪ ਕੌਰ ਅਕਾਲ ਅਕੈਡਮੀ ਢੋਟੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਮਹਿਤਾਬਪ੍ਰੀਤ ਸਿੰਘ ਦਸਮੇਸ਼ ਪਬਲਿਕ ਸਕੂਲ ਹਰੀਕੇ, ਮਨੰਤਜੋਤ ਕੌਰ ਅਕਾਲ ਅਕੈਡਮੀ ਦਦੇਹਰ ਸਾਹਿਬ ਇਹਨਾਂ ਬੱਚਿਆਂ ਨੇ ਵਿਸ਼ੇਸ਼ ਸਥਾਨ ਹਾਸਲ ਕੀਤਾ। ਜਾਣਕਾਰੀ ਦਿੰਦੇਆ ਹਰਜਿੰਦਰ ਸਿੰਘ ਮਾਣਕਪੁਰਾ ਨੇ ਦੱਸਿਆ ਕਿ ਇਸੇ ਤਰਾਂ ਦਰਜਾ ਦੂਸਰਾ ਵਿਚ ਨਵਨੀਤ ਕੌਰ ਅਕਾਲ ਅਕੈਡਮੀ ਦਦੇਹਰ ਸਾਹਿਬ ਨੇ ਪਹਿਲਾਂ ਸਥਾਨ ਹਾਸਲ ਕੀਤਾ, ਮਨਰਾਜ ਸਿੰਘ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਪੱਟੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਨਿਮਰਤ ਕੌਰ ਵੁੱਡ ਬਲੋਜਮ ਸਕੂਲ ਕੈਰੋਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਪਲਕਪ੍ਰੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਖੀਰਾ, ਅਰਸ਼ਦੀਪ ਕੌਰ ਲੋਟਸ ਵੈਲੀ ਸੀਨੀਅਰ ਸੈਕੰਡਰੀ ਸਕੂਲ ਕੋਟ ਮਹੁੰਮਦ ਖਾਂ ਨੇ ਵਿਸ਼ੇਸ਼ ਸਥਾਨ ਪ੍ਰਾਪਤ ਕੀਤਾ। ਦਰਜਾ ਤੀਸਰਾ ਵਿਚ ਹਰਮਨਪ੍ਰੀਤ ਕੌਰ ਲੋਟਸ ਵੈਲੀ ਸਕੂਲ ਕੋਟ ਮਹੁੰਮਦ ਖਾਂ ਨੇ ਪਹਿਲਾਂ ਸਥਾਨ ਹਾਸਲ ਕੀਤਾ, ਸਾਂਚੀ ਕੁਮਾਰੀ ਦਸਮੇਸ਼ ਪਬਲਿਕ ਸਕੂਲ ਹਰੀਕੇ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਸਿਮਰਨਜੀਤ ਕੌਰ ਰਣਜੀਤ ਮੈਮੋਰੀਅਲ ਦਸਮੇਸ਼ ਪਬਲਿਕ ਸਕੂਲ ਕੋਟ ਬੁੱਢਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਪਰੂਪ ਸਿੰਘ ਮਾਈ ਭਾਗੋ ਇੰਟਰਨੈਸ਼ਨਲ ਸਕੂਲ ਉਸਮਾਂ, ਗੁਰਲੀਨ ਕੌਰ ਗੁਰੂ ਨਾਨਕ ਅਕੈਡਮੀ ਮਾਨੋਚਾਹਲ ਇਹਨਾਂ ਵਿਦਿਆਰਥੀਆਂ ਨੇ ਵਿਸ਼ੇਸ਼ ਸਥਾਨ ਪ੍ਰਾਪਤ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਜਗਤਾਰ ਸਿੰਘ ਹਵਾਰਾ ਨੂੰ ਪੰਜਾਬ ਲਿਆਉਣ ਤੋਂ

# ਦਿੱਲੀ ਸਰਕਾਰ ਦਾ ਇਨਕਾਰ, ਸਿੱਖ ਵਿਰੋਧੀ ਸੋਚ ਮੁੜ ਹੋਈ ਬੇਨਕਾਬ : ਸਰਨਾ



**ਨਵੀਂ ਦਿੱਲੀ 18 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਦਿੱਲੀ ਦੀ ਜੇਲ੍ਹ ਤੋਂ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਦਾ ਦਿੱਲੀ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਵਿਰੋਧ ਕੀਤੇ ਜਾਣ ਨੂੰ ਗੰਭੀਰ ਅਤੇ ਚਿੰਤਾਜਨਕ ਮਾਮਲਾ ਕਰਾਰ ਦਿੱਤਾ ਹੈ। ਸਰਨਾ ਅਨੁਸਾਰ 17 ਸਤੰਬਰ 2026 ਨੂੰ ਦਿੱਲੀ ਸਰਕਾਰ ਨੇ ਸੁਰੱਖਿਆ ਦਾ ਹਵਾਲਾ ਦੇ ਕੇ ਭਾਈ ਹਵਾਰਾ ਨੂੰ ਪੰਜਾਬ ਦੀ ਜੇਲ੍ਹ ਵਿੱਚ ਭੇਜਣ ਦਾ ਵਿਰੋਧ ਕੀਤਾ ਹੈ, ਜਿਸ ਦੀ ਅਗਲੀ ਸੁਣਵਾਈ 13 ਅਕਤੂਬਰ ਨੂੰ ਹੋਵੇਗੀ। ਉਨ੍ਹਾਂ ਕਿਹਾ ਕਿ ਸਵਾਲ ਸਿਰਫ਼ ਇਹ ਨਹੀਂ ਕਿ ਭਾਈ ਹਵਾਰਾ ਨੂੰ ਪੰਜਾਬ ਕਿਉਂ ਨਹੀਂ ਲਿਆਂਦਾ ਜਾ ਰਿਹਾ, ਸਵਾਲ ਇਹ ਵੀ ਹੈ ਕਿ ਇੱਕ ਸਿੱਖ ਕੈਦੀ ਦੀ ਜੇਲ੍ਹ ਤਬਦੀਲੀ ਤੱਕ ਨੂੰ ਸਰਕਾਰ ਇੰਨਾ ਵੱਡਾ ਸੁਰੱਖਿਆ ਮਾਮਲਾ ਕਿਉਂ ਬਣਾ ਰਹੀ ਹੈ ? ਸਰਨਾ ਨੇ ਇਸ ਰੁਖ ਨੂੰ ਉਸ ਸਰਕਾਰੀ ਪਹੁੰਚ ਦੀ ਅਗਲੀ ਕੜੀ ਦੱਸਿਆ ਜਿਸ ਵਿੱਚ ਲੰਮੇ ਸਮੇਂ ਤੋਂ ਬੰਦ ਸਿੱਖ ਕੈਦੀਆਂ ਨਾਲ ਜੁੜੇ ਮਾਮਲੇ ਕਾਨੂੰਨੀ ਪ੍ਰਕਿਰਿਆ ਦੇ ਨਾਂ 'ਤੇ ਲਟਕਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੀ ਅਰਜ਼ੀ ਵੀ ਦਿੱਲੀ ਸਰਕਾਰ ਦੇ ਸਜ਼ਾ ਸਮੀਖਿਆ ਬੋਰਡ ਵੱਲੋਂ ਰੱਦ ਕੀਤੀ ਗਈ ਸੀ। ਇੱਕ ਪਾਸੇ ਕਾਨੂੰਨ ਅਤੇ ਸੁਰੱਖਿਆ ਦੇ ਹਵਾਲੇ, ਦੂਜੇ ਪਾਸੇ ਦਹਾਕਿਆਂ ਦੀ ਕੈਦ—ਆਖ਼ਰ ਇਨ੍ਹਾਂ ਫ਼ੈਸਲਿਆਂ ਦੇ ਪਿੱਛੇ ਸਰਕਾਰੀ ਨੀਤੀ ਕੀ ਹੈ, ਇਹ ਸਵਾਲ ਹੁਣ ਟਾਲਿਆ ਨਹੀਂ ਜਾ ਸਕਦਾ। ਸਰਨਾ ਨੇ ਉਨ੍ਹਾਂ ਸਿੱਖ ਮੰਤਰੀਆਂ ਅਤੇ ਆਗੂਆਂ ਦੀ ਚੁੱਪੀ 'ਤੇ ਵੀ ਤਿੱਖਾ ਸਵਾਲ ਚੁੱਕਿਆ ਹੈ ਜੋ ਸੱਤਾ ਤੋਂ ਬਾਹਰ ਰਹਿੰਦਿਆਂ ਬੰਦੀ ਸਿੰਘਾਂ ਦੀ ਰਿਹਾਈ ਨੂੰ ਆਪਣਾ ਸਿਆਸੀ ਫਰਜ਼ ਦੱਸਦੇ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਵੋਟਾਂ ਮੰਗਣੀਆਂ ਹੋਣ ਤਾਂ ਬੰਦੀ ਸਿੰਘ ਯਾਦ ਆ ਜਾਂਦੇ ਹਨ, ਪਰ ਜਦੋਂ ਸਰਕਾਰੀ ਕੁਰਸੀ 'ਤੇ ਬੈਠ ਕੇ ਫ਼ੈਸਲੇ ਦੇ ਸਾਹਮਣੇ ਖੜ੍ਹਨ ਦਾ ਸਮਾਂ ਆਉਂਦਾ ਹੈ ਤਾਂ ਉਹੀ ਆਵਾਜ਼ ਕਿੱਥੇ ਗਾਇਬ ਹੋ ਜਾਂਦੀ ਹੈ ? ਸਿੱਖ ਸੰਗਤ ਹੁਣ ਸਿਰਫ਼ ਬਿਆਨ ਨਹੀਂ, ਸਗੋਂ ਕਾਰਵਾਈ ਦਾ ਹਿਸਾਬ ਮੰਗ ਰਹੀ ਹੈ। ਸਰਨਾ ਨੇ ਸਵਾਲ ਕੀਤਾ ਕਿ ਜਿਹੜੇ ਆਗੂ ਕਦੇ ਸਰਕਾਰਾਂ ਨੂੰ ਬੰਦੀ ਸਿੰਘਾਂ ਅਤੇ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਮਾਮਲਿਆਂ 'ਤੇ ਘੇਰਨ ਦੀਆਂ ਗੱਲਾਂ ਕਰਦੇ ਸਨ, ਉਹ ਅੱਜ ਸਰਕਾਰ ਦਾ ਹਿੱਸਾ ਬਣ ਕੇ ਕਿੰਨੀ ਵਾਰ ਆਪਣੀ ਹੀ ਸਰਕਾਰ ਕੋਲ ਇਹ ਮਸਲਾ ਲੈ ਕੇ ਗਏ ਹਨ ? ਕੀ ਸੱਤਾ ਦੀ ਕੁਰਸੀ ਇੰਨੀ ਭਾਰੀ ਹੋ ਗਈ ਹੈ ਕਿ ਉਸ ਹੇਠ ਬੰਦੀ ਸਿੰਘਾਂ ਦੀਆਂ ਪੁਕਾਰਾਂ ਵੀ ਦੱਬ ਗਈਆਂ ਹਨ ? ਚੁੱਪੀ ਵੀ ਇੱਕ ਸਿਆਸੀ ਸਥਿਤੀ ਬਣ ਜਾਂਦੀ ਹੈ ਅਤੇ ਹੁਣ ਸੰਗਤ ਇਹ ਜਾਣਨਾ ਚਾਹੁੰਦੀ ਹੈ ਕਿ ਸਿੱਖ ਮੰਤਰੀ ਸਰਕਾਰੀ ਫ਼ੈਸਲਿਆਂ ਦੇ ਨਾਲ ਖੜ੍ਹੇ ਹਨ ਜਾਂ ਉਨ੍ਹਾਂ ਹੱਕਾਂ ਦੇ ਨਾਲ ਜਿਨ੍ਹਾਂ ਲਈ ਉਹ ਸੱਤਾ ਤੋਂ ਬਾਹਰ ਰਹਿੰਦਿਆਂ ਆਵਾਜ਼ ਉਠਾਉਂਦੇ ਰਹੇ ਹਨ। ਸਰਨਾ ਨੇ ਸਰਕਾਰ ਨੂੰ ਸਿੱਧਾ ਸਵਾਲ ਕਰਦਿਆਂ ਕਿਹਾ ਕਿ ਜੇ ਭਾਈ ਹਵਾਰਾ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦਾ ਵਿਰੋਧ ਸੁਰੱਖਿਆ ਕਾਰਨਾਂ ਕਰਕੇ ਕੀਤਾ ਜਾ ਰਿਹਾ ਹੈ ਤਾਂ ਉਹ ਸੁਰੱਖਿਆ ਕਾਰਨ ਕੀ ਹਨ ਅਤੇ ਉਨ੍ਹਾਂ ਦਾ ਆਧਾਰ ਕੀ ਹੈ—ਇਹ ਜਨਤਕ ਕੀਤਾ ਜਾਣਾ ਚਾਹੀਦਾ ਹੈ। ਜੇਕਰ ਮਾਪਦੰਡ ਕਾਨੂੰਨ ਹੈ ਤਾਂ ਫਿਰ ਉਹੀ ਕਾਨੂੰਨੀ ਮਾਪਦੰਡ ਸਾਰੇ ਮਾਮਲਿਆਂ ਵਿੱਚ ਇਕਸਾਰ ਨਜ਼ਰ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਆਪਣੇ ਫ਼ੈਸਲਿਆਂ ਦੀ ਪਾਰਦਰਸ਼ੀ ਵਿਆਖਿਆ ਦੇਣੀ ਪਵੇਗੀ ਅਤੇ ਸਿੱਖ ਆਗੂਆਂ ਨੂੰ ਵੀ ਇਹ ਦੱਸਣਾ ਪਵੇਗਾ ਕਿ ਉਹ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਅਸਲ ਵਿੱਚ ਕੀ ਕਰ ਰਹੇ ਹਨ। ਸਰਨਾ ਨੇ ਕਿਹਾ ਕਿ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦੇ ਮਾਮਲਿਆਂ ਨੂੰ ਹਰ ਵਾਰ ਸਿਆਸੀ ਮੌਕੇ ਅਨੁਸਾਰ ਯਾਦ ਕਰਨਾ ਸਿੱਖ ਸੰਗਤ ਦੇ ਜ਼ਖ਼ਮਾਂ ਨਾਲ ਇਨਸਾਫ਼ ਨਹੀਂ। ਜੇ ਸਰਕਾਰ ਕੋਲ ਭਾਈ ਹਵਾਰਾ ਦੀ ਜੇਲ੍ਹ ਤਬਦੀਲੀ ਰੋਕਣ ਦੇ ਕਾਰਨ ਹਨ ਤਾਂ ਉਹ ਸਾਹਮਣੇ ਆਉਣ ਅਤੇ ਜੇ ਸਿੱਖ ਮੰਤਰੀਆਂ ਕੋਲ ਸਰਕਾਰ ਨੂੰ ਸਵਾਲ ਕਰਨ ਦੀ ਤਾਕਤ ਹੈ ਤਾਂ ਉਹ ਵੀ ਸਾਹਮਣੇ ਆਉਣ। ਕਿਉਂਕਿ ਹੁਣ ਸਵਾਲ ਬਿਆਨ ਦੇਣ ਦਾ ਨਹੀਂ, ਸਵਾਲ ਇਹ ਹੈ ਕਿ ਦਹਾਕਿਆਂ ਤੋਂ ਬੰਦੀ ਸਿੰਘਾਂ ਦੇ ਬੰਦ ਦਰਵਾਜ਼ੇ ਖੋਲ੍ਹਣ ਲਈ ਅਸਲ ਵਿੱਚ ਕੌਣ ਖੜ੍ਹਾ ਹੁੰਦਾ ਹੈ।

**ਪ੍ਰੋ ਭੁੱਲਰ ਦੀ ਰਿਹਾਈ ਰੱਦ ਕਰਨ ਮਗਰੋਂ ਹੁਣ ਭਾਈ ਹਵਾਰਾ ਨੂੰ ਪੰਜਾਬ ਲਿਆਉਣ ਤੋਂ ਵੀ ਕੀਤਾ ਗਿਆ ਇਨਕਾਰ—ਸਿੱਖ ਮੰਤਰੀਆਂ ਦੀ ਚੁੱਪੀ 'ਤੇ ਉੱਠੇ ਗੰਭੀਰ ਸਵਾਲ**

ਆਵਾਜ਼ਿ ਕੌਮ AWAZE QAUM International Newspaper & WEB TV

ਉਡਾਣ ਐਜੂਕੇਸ਼ਨ ਸੁਸਾਇਟੀ ਵੱਲੋਂ

# ਸਟੇਟ ਅਵਾਰਡੀ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ





**ਤਲਵੰਡੀ ਸਾਬੋ, 18 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਉਡਾਣ ਐਜੂਕੇਸ਼ਨ ਸੁਸਾਇਟੀ ਵੱਲੋਂ ਤਲਵੰਡੀ ਸਾਬੋ ਵਿਖੇ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਰਾਜ ਪੁਰਸਕਾਰ ਨਾਲ ਸਨਮਾਨਿਤ ਤਿੰਨ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਨਮਾਨਿਤ ਅਧਿਆਪਕਾਂ ਵਿੱਚ ਡਾ. ਗੁਰਦੀਪ ਸਿੰਘ ਸਿੱਧੂ, ਪ੍ਰਿੰਸੀਪਲ, ਮੈਰੀਟੋਰੀਅਸ ਸਕੂਲ ਬਠਿੰਡਾ; ਸ. ਤਜਿੰਦਰ ਸਿੰਘ, ਈ.ਟੀ.ਟੀ. ਅਧਿਆਪਕ, ਬਹਿਣੀਵਾਲ ਅਤੇ ਸ. ਸੁਖਰਾਜ ਸਿੰਘ ਸੰਦੋਹਾ, ਹੈੱਡ ਟੀਚਰ, ਪਿੰਡ ਧਿੰਗੜ ਸ਼ਾਮਲ ਸਨ। ਸਮਾਗਮ ਡਾ. ਬੂਟਾ ਸਿੰਘ, ਵਾਈਸ ਚਾਂਸਲਰ ਸਰਪ੍ਰਸਤ, ਉਡਾਣ ਐਜੂਕੇਸ਼ਨ ਸੁਸਾਇਟੀ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਸੁਸਾਇਟੀ ਦੇ ਬਾਨੀ ਸ. ਹਰਬੰਸ ਸਿੰਘ ਸੰਧੂ, ਰਿਟਾਇਰਡ ਡੀ.ਪੀ.ਆਈ., ਪੰਜਾਬ ਨੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸ. ਕੇਹਰ ਸਿੰਘ ਸੰਧੂ ਰਿਟਾਇਰਡ ਐਸ.ਡੀ.ਓ, ਸ. ਜੋਗਿੰਦਰ ਸਿੰਘ ਹੈੱਡ ਮਾਸਟਰ, ਸ. ਜਸਬੀਰ ਸਿੰਘ ਢਿੱਲੋਂ ਪ੍ਰਿੰਸੀਪਲ ਦੇਸ ਰਾਜ ਸੀ.ਸੈ.ਸਕੂਲ ਬਠਿੰਡਾ ਅਤੇ ਇੰਸਪੈਕਟਰ ਸ. ਸ਼ਮਸ਼ੇਰ ਸਿੰਘ (ਰਿਟਾਇਰਡ), ਡਾ. ਦਰਸ਼ਨ ਸਿੰਘ ਭੰਮੇ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜ਼ਰ ਹੋਏ। ਸਮਾਗਮ ਦੀ ਸ਼ੁਰੂਆਤ ਕਰਦਿਆਂ ਸ. ਸੁਖਰਾਜ ਸਿੰਘ ਧਿੰਗੜ ਨੇ ਆਏ ਹੋਏ ਮਹਿਮਾਨਾਂ, ਅਧਿਆਪਕਾਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਆਖਿਆ। ਉਨ੍ਹਾਂ ਨੇ ਸਟੇਟ ਅਵਾਰਡ ਨਾਲ ਸਨਮਾਨਿਤ ਅਧਿਆਪਕਾਂ ਦੀਆਂ ਸਿੱਖਿਆ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਮੁੱਖ ਮਹਿਮਾਨ ਸ. ਹਰਬੰਸ ਸਿੰਘ ਸੰਧੂ ਨੇ ਤਿੰਨਾਂ ਅਧਿਆਪਕਾਂ ਨੂੰ ਸਟੇਟ ਅਵਾਰਡ ਪ੍ਰਾਪਤ ਕਰਨ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਦੀ ਮਿਹਨਤ, ਲਗਨ, ਸਮਰਪਣ ਅਤੇ ਸਿੱਖਿਆ ਪ੍ਰਤੀ ਨਿਭਾਈਆਂ ਸ਼ਾਨਦਾਰ ਸੇਵਾਵਾਂ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਸਮਾਜ ਅਤੇ ਦੇਸ਼ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਇਮਾਨਦਾਰੀ ਤੇ ਸਮਰਪਣ ਨਾਲ ਆਪਣੀ ਡਿਊਟੀ ਨਿਭਾਉਣ ਵਾਲੇ ਅਧਿਆਪਕਾਂ ਦਾ ਸਨਮਾਨ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਿਹਾ ਕਿ ਉਡਾਣ ਐਜੂਕੇਸ਼ਨ ਸੁਸਾਇਟੀ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਬਿਹਤਰੀਨ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਦਾ ਉਪਰਾਲਾ ਨੌਜਵਾਨ ਪੀੜ੍ਹੀ ਅਤੇ ਸਮੁੱਚੇ ਅਧਿਆਪਕ ਵਰਗ ਲਈ ਪ੍ਰੇਰਣਾਦਾਇਕ ਹੈ। ਇਸ ਮੌਕੇ ਤਿੰਨਾਂ ਸਟੇਟ ਅਵਾਰਡੀ ਅਧਿਆਪਕਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਹਾਜ਼ਰ ਮਹਿਮਾਨਾਂ ਨੇ ਅਧਿਆਪਕਾਂ ਨੂੰ ਭਵਿੱਖ ਵਿੱਚ ਵੀ ਸਿੱਖਿਆ ਦੇ ਖੇਤਰ ਵਿੱਚ ਹੋਰ ਉਤਸ਼ਾਹ ਅਤੇ ਸਮਰਪਣ ਨਾਲ ਸੇਵਾਵਾਂ ਨਿਭਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਮਾਗਮ ਦੇ ਅੰਤ ਵਿੱਚ ਉਡਾਣ ਐਜੂਕੇਸ਼ਨ ਸੁਸਾਇਟੀ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਸਮਾਗਮ ਨੇ ਅਧਿਆਪਕਾਂ ਪ੍ਰਤੀ ਸਮਾਜ ਦੇ ਸਤਿਕਾਰ ਅਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਉਜਾਗਰ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਅਮਰਜੀਤ ਸਿੰਘ ਲੈਕਚਰਾਰ ਸ. ਰੂਪ ਸਿੰਘ ਲੈਕਚਰਾਰ, ਸ. ਲਖਬੀਰ ਸਿੰਘ ਐਸ ਐਸ ਮਾਸਟਰ ਅਤੇ ਸ ਪਰਮਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਜਗਤਾਰ ਸਿੰਘ ਹਵਾਰਾ ਦੀ ਜੇਲ੍ਹ ਤਬਦੀਲੀ ਰੋਕਣ 'ਤੇ ਸਿੱਖਾਂ ਨਾਲ ਬੇਇਨਸਾਫ਼ੀ ਦਾ ਦੋਸ਼, ਸਿਰਸਾ ਨੂੰ ਅਸਤੀਫ਼ੇ ਦੀ ਚੁਣੌਤੀ: ਜੀ.ਕੇ.

## ਸਿੱਖ ਮੰਗਾਂ ਮੰਨੋ, ਨਹੀਂ ਤਾਂ ਦੀਵਿਆਂ ਦੀ ਥਾਂ ਸਵਾਲ ਜਗਣਗੇ



**ਨਵੀਂ ਦਿੱਲੀ, 18 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:—ਭਾਈ ਜਗਤਾਰ ਸਿੰਘ ਹਵਾਰਾ ਨੂੰ ਮੰਡੋਲੀ ਜੇਲ੍ਹ ਤੋਂ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਨਾ ਕਰਨ ਦੇ ਫ਼ੈਸਲੇ ਨੂੰ ਲੈ ਕੇ ਮਨਜੀਤ ਸਿੰਘ ਜੀ.ਕੇ. ਨੇ ਦਿੱਲੀ ਅਤੇ ਕੇਂਦਰ ਸਰਕਾਰ 'ਤੇ ਸਿੱਖ ਬੰਦੀਆਂ ਨਾਲ ਕਾਨੂੰਨੀ ਤੌਰ 'ਤੇ ਮਤਰੇਈ ਮਾਂ ਵਾਲਾ ਸਲੂਕ ਕਰਨ ਦਾ ਦੋਸ਼ ਲਾਇਆ ਹੈ। ਜੀ.ਕੇ. ਮੁਤਾਬਕ ਇੱਕ ਪਾਸੇ ਭਾਈ ਹਵਾਰਾ ਦੀ ਜੇਲ੍ਹ ਤਬਦੀਲੀ ਦਾ ਮਾਮਲਾ ਲਟਕਾਇਆ ਜਾ ਰਿਹਾ ਹੈ, ਦੂਜੇ ਪਾਸੇ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੀ ਤਜਵੀਜ਼ ਰੱਦ ਹੋ ਚੁੱਕੀ ਹੈ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ 2012 ਤੋਂ ਰਾਸ਼ਟਰਪਤੀ ਕੋਲ ਲੰਬਿਤ ਰਹਿਮ ਦੀ ਅਪੀਲ 'ਤੇ ਵੀ ਕੋਈ ਅੰਤਿਮ ਫ਼ੈਸਲਾ ਨਹੀਂ ਹੋਇਆ। ਉਨ੍ਹਾਂ ਸਵਾਲ ਕੀਤਾ ਕਿ ਕੀ ਸਿੱਖ ਬੰਦੀਆਂ ਲਈ ਦੇਸ਼ ਵਿੱਚ ਵੱਖਰੇ ਕਾਨੂੰਨੀ ਮਾਪਦੰਡ ਲਾਗੂ ਕੀਤੇ ਜਾ ਰਹੇ ਹਨ ? ਜੀ.ਕੇ. ਨੇ ਦੋਸ਼ ਲਾਇਆ ਕਿ ਭਾਜਪਾ ਸਰਕਾਰ ਸਿੱਖ ਮੁੱਦਿਆਂ ਦੇ ਹੱਲ ਦੇ ਦਾਅਵਿਆਂ ਦੇ ਉਲਟ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਚੁੱਪ ਹੈ। ਜੀ.ਕੇ. ਨੇ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੂੰ ਵੀ ਸਿੱਧੇ ਤੌਰ 'ਤੇ ਘੇਰਦਿਆਂ ਕਿਹਾ ਕਿ ਜੇ ਉਹ ਸਿੱਖਾਂ ਦੇ ਮਸਲੇ ਹੱਲ ਕਰਵਾਉਣ ਲਈ ਸਰਕਾਰ ਵਿੱਚ ਸ਼ਾਮਲ ਹੋਏ ਸਨ ਤਾਂ ਹੁਣ ਬੰਦੀ ਸਿੰਘਾਂ ਦੇ ਮਾਮਲੇ 'ਤੇ ਆਪਣੀ ਸਰਕਾਰ ਸਾਹਮਣੇ ਆਵਾਜ਼ ਉਠਾਉਣ। ਉਨ੍ਹਾਂ ਦੋਸ਼ ਲਾਇਆ ਕਿ ਨਾ ਦਿੱਲੀ ਗੁਰਦੁਆਰਾ ਕਮੇਟੀ ਸਿੱਖ ਮੁੱਦਿਆਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਬੋਲ ਰਹੀ ਹੈ ਅਤੇ ਨਾ ਹੀ ਸਿਰਸਾ ਵੱਲੋਂ ਇਨ੍ਹਾਂ ਮਾਮਲਿਆਂ 'ਤੇ ਠੋਸ ਦਖ਼ਲ ਦਿੱਤਾ ਜਾ ਰਿਹਾ ਹੈ। ਜੀ.ਕੇ. ਨੇ ਸਿਰਸਾ ਨੂੰ ਬੰਦੀ ਸਿੰਘਾਂ ਲਈ ਸਪਸ਼ਟ ਪੱਖ ਲੈਣ ਜਾਂ ਅਸਤੀਫ਼ਾ ਦੇਣ ਦੀ ਚੁਣੌਤੀ ਦਿੱਤੀ। ਪ੍ਰਧਾਨ ਮੰਤਰੀ ਦੇ ਜਨਮਦਿਨ ਮੌਕੇ ਦੀਵੇ ਜਗਾਉਣ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿੱਖਾਂ ਦੀਆਂ ਮੰਗਾਂ ਮੰਨ ਕੇ ਅਜਿਹਾ ਮੌਕਾ ਦੇਣਾ ਚਾਹੀਦਾ ਹੈ ਕਿ ਸਿੱਖ ਵੀ ਸਰਕਾਰ ਦੇ ਹੱਕ ਵਿੱਚ ਖ਼ੁਸ਼ੀ ਨਾਲ ਦੀਵੇ ਜਗਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਰਬਾ ਭਰਾਵਾਂ ਨੇ ਨਗਰ ਕੀਰਤਨ ਮੌਕੇ ਲਾਇਆ ਫਲਾਂ ਦਾ ਲੰਗਰ



**ਚੌਂਕ ਮਹਿਤਾ, 18 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਬਰਾਤ ਰੂਪੀ ਨਗਰ ਕੀਰਤਨ ਦਾ ਕਸਬਾ ਚੌਂਕ ਮਹਿਤਾ ਵਿਖੇ ਪਹੁੰਚਣ ਤੇ ਗੁਰਪ੍ਰੀਤ ਸਿੰਘ ਗੋਪੀ ਪੁਰਬਾ, ਮਨਦੀਪ ਸਿੰਘ ਪੁਰਬਾ ਪੰਜਾਬ ਟੈਂਟ ਹਾਊਸ ਚੌਂਕ ਮਹਿਤਾ ਅਤੇ ਰਾਜ ਕੁਮਾਰ ਲਾਲਾ ਦੇ ਵੱਲੋਂ ਸੰਗਤ ਦੇ ਸਹਿਯੋਗ ਨਾਲ ਫਲਾਂ ਦਾ ਲੰਗਰ ਲਗਾਇਆ ਗਿਆ। ਉਨਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਿੱਚ ਰੁਮਾਲਾ ਸਾਹਿਬ ਵੀ ਭੇਟ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਜਥੇ ਗੁਰਮੀਤ ਸਿੰਘ ਖੱਬੇ ਰਾਜਪੂਤਾਂ, ਸਰਕਲ ਪ੍ਰਧਾਨ ਲਖਵਿੰਦਰ ਸਿੰਘ ਖਾਲਸਾ, ਅੰਮ੍ਰਿਤਪਾਲ ਸਿੰਘ, ਸਾਹਿਲਪ੍ਰੀਤ ਸਿੰਘ ਤੇ ਹੋਰ ਸੇਵਾਦਾਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਮਾਛੀਵਾੜਾ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ ਆਗਮਨ ਪ੍ਰਕਾਸ਼ ਪੁਰਬ 31 ਅਕਤੂਬਰ ਤੋਂ 2 ਨਵੰਬਰ ਤੱਕ ਸ਼ਰਧਾ ਨਾਲ ਮਨਾਇਆ ਜਾਵੇਗਾ

ਫ਼ਿਰੋਜ਼ਪੁਰ, 18 ਸਤੰਬਰ (ਮਨੋਹਰ ਲਾਲ) :— ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦੇ ਆਗਮਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਮਾਛੀਵਾੜਾ (ਨੇੜੇ ਜੋਸਨ ਪੈਟਰੋਲ ਪੰਪ, ਜ਼ਿਲ੍ਹਾ ਫ਼ਿਰੋਜ਼ਪੁਰ) ਵਿਖੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 31 ਅਕਤੂਬਰ, 1 ਅਤੇ 2 ਨਵੰਬਰ 2026 ਨੂੰ 3 ਦਿਨਾ ਧਾਰਮਿਕ ਸਮਾਗਮ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਗਮ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਪੰਥ ਦੇ ਮਹਾਨ ਰਾਗੀ, ਢਾਡੀ, ਪ੍ਰਚਾਰਕ ਅਤੇ ਗੁਰੂ ਜਸ ਗਾਇਨ ਕਰਨ ਵਾਲੇ ਜਥੇ ਸੰਗਤਾਂ ਨੂੰ ਧੁਰ ਕੀ ਬਾਣੀ ਅਤੇ ਗੁਰੂ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਦੱਸਿਆ ਕਿ ਦਿਨ ਸ਼ਨੀਵਾਰ ਮਿਤੀ 31 ਅਕਤੂਬਰ 2026 (15 ਕੱਤਕ) ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ ਰਾਤ 7 ਵਜੇ ਤੋਂ 11:00 ਵਜੇ ਤੱਕ ਵਿਸ਼ੇਸ਼ ਗੁਰਮਤਿ ਸਮਾਗਮ ਹੋਵੇਗਾ ਅਤੇ ਇਸ ਦੇ ਨਾਲ ਹੀ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਕਥਾਵਾਚਕ ਭਾਈ ਹਰਪ੍ਰੀਤ ਸਿੰਘ ਵਂਡਾਲਾ (ਅੰਮ੍ਰਿਤਸਰ) ਵੀ ਹਾਜ਼ਰੀ ਭਰਨਗੇ। ਉਨ੍ਹਾਂ ਦੱਸਿਆ ਕਿ ਇਕ ਨਵੰਬਰ 2026 (16 ਕੱਤਕ) ਨੂੰ ਸਵੇਰੇ 7:15 ਤੋਂ 8:15 ਵਜੇ ਤੱਕ ਸੋਢੀ ਪਾਤਸ਼ਾਹ ਮਹਾਨ ਨਾਮਸਿਮਰਨ ਅਭਿਆਸ ਕਰਵਾਇਆ ਜਾਵੇਗਾ, ਉਪਰੰਤ ਰਾਤ 7:30 ਤੋਂ 10:00 ਵਜੇ ਤੱਕ ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਵਿਚ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ, ਜਥਾ ਭਾਈ ਮੇਜਰ ਸਿੰਘ ਖ਼ਾਲਸਾ (ਸੁਲਤਾਨਪੁਰ ਲੋਧੀ ਵਾਲੇ) ਸੰਗਤਾਂ ਨੂੰ ਗੁਰੂ ਜਸ ਨਾਲ ਜੋੜਨਗੇ। ਉਨ੍ਹਾਂ ਦੱਸਿਆ ਕਿ ਦੋ ਨਵੰਬਰ 2026 (17 ਕੱਤਕ) ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਜਦੋਂ ਕਿ ਸਵੇਰੇ 9:00 ਤੋਂ 11:30 ਵਜੇ ਤੱਕ ਗੁਰਮਤਿ ਸਮਾਗਮ ਹੋਵੇਗਾ। ਉਨ੍ਹਾਂ ਦੱਸਿਆ ਕਿ ਸਵੇਰੇ 11:30 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਅਤੇ ਇਸ ਮੌਕੇ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ ਸਵੇਰੇ ਹਾਜ਼ਰੀ ਭਰਨਗੇ। ਪ੍ਰਬੰਧਕਾਂ ਨੇ ਦੱਸਿਆ ਕਿ ਸਮਾਪਤੀ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਗਿਆਨੀ ਪ੍ਰੇਮ ਸਿੰਘ (ਹੈਡ ਗ੍ਰੰਥੀ ਅਰਦਾਸੀਏ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਕਰਨਗੇ, ਜਦੋਂ ਕਿ ਸਟੇਜ ਸੈਕਟਰੀ ਦੀ ਸੇਵਾ ਭਾਈ ਬਲਵਿੰਦਰ ਸਿੰਘ ਖ਼ਾਲਸਾ (ਸਿੱਖ ਮਿਸ਼ਨਰੀ ਪ੍ਰਚਾਰਕ) ਨਿਭਾਉਣਗੇ। ਉਨ੍ਹਾਂ ਦੱਸਿਆ ਕਿ ਇਸ ਤਿੰਨ ਦਿਨਾਂ ਸਮਾਗਮ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਪਰਿਵਾਰਾਂ ਸਮੇਤ ਸਮਾਗਮ ਵਿੱਚ ਪਹੁੰਚ ਕੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਅਤੇ ਆਸੀਸਾਂ ਪ੍ਰਾਪਤ ਕਰਨ।

### ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਵਿਖੇ

# ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ



**ਜੰਡਿਆਲਾ ਗੁਰੂ 18 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਸਾਰੀ ਕਾਇਨਾਤ ਦੇ ਮਾਲਕ ਸ੍ਰਿਸਟੀ ਦੇ ਸਿਰਜਨਹਾਰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ।ਜਿਸ ਦੇ ਚੱਲਦਿਆਂ ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਦੇਸ ਵਿਦੇਸ ਵਿੱਚ ਵੱਸਦੀਆਂ ਅਤੇ ਇਲਾਕਾ ਨਿਵਾਸੀ ਸਮੂਹ ਸੰਗਤਾਂ ਦਾ ਸਹਿਯੋਗ ਸਦਕਾ ਗੁਰਮਤਿ ਸਮਾਗਮ ਕਰਵਾਇਆ ਗਿਆ !ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ 15 ਸਤੰਬਰ ਦਿਨ ਮੰਗਲਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਅਤੇ 17 ਸਤੰਬਰ ਦਿਨ ਵੀਰਵਾਰ ਨੂੰ ਸੰਗਰਾਂਦ ਦੇ ਪਵਿੱਤਰ ਦਿਹਾੜੇ ਵਾਲੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਤੋਂ ਉਪਰੰਤ ਗੁਰਮਤਿ ਸਮਾਗਮ ਦੀ ਆਰੰਭਤਾ ਸ਼੍ਰੋਮਣੀ ਪ੍ਰਚਾਰਕ ਭਾਈ ਮਲਕੀਤ ਸਿੰਘ ਜੀ ਸਖੀਰਾ ਸਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀਂ,ਨਿਹਾਲ ਕੀਤਾ ਅਤੇ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੁਕਮ ਆਗਿਆ ਭਈ ਅਕਾਲ ਕੀ ਤਬੇ ਚਲਾਓ ਪੰਥ ਸਭ ਸੀਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ਨੂੰ ਸਮਰਪਿਤ ਹੋ ਕਿ ਪੂਰੇ ਗੁਰੂ ਦੇ ਲੜ ਲੱਗ ਕਿ ਨਾਮ ਬਾਣੀ ਬਾਣੇ ਦੇ ਧਾਰਨੀ ਹੋ ਕਿ ਕਿਰਤ ਕਰੋ ਵੰਡ ਛਕੋ ਅਤੇ ਸੱਚੇ ਮਾਰਗ ਤੇ ਚੱਲਣ ਦਾ ਉਪਦੇਸ਼ ਦਿੱਤਾ , ਅਤੇ ਉਪਰੰਤ ਧਾਰਮਿਕ ਦੀਵਾਨਾਂ ਦੀ ਸਮਾਪਤੀ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਇਸ ਮੌਕੇ ਬਾਬਾ ਸੁੱਖਾ ਸਿੰਘ ਨੇ ਸੰਗਤਾਂ ਨਾਲ ਗੁਰ ਵਿਚਾਰ ਕਰਦਿਆਂ ਹੋਇਆਂ ਕਿਹਾ ਕਿ ਕਲਯੁਗ ਦਾ ਸਮਾਂ ਚਲ ਰਿਹਾ ਹੈ ਇਸ ਸਮੇਂ ਵਿੱਚ ਸਾਨੂੰ ਵੱਧ ਤੋਂ ਵੱਧ ਸੰਗਤਾਂ ਕਰਨੀਆਂ ਚਾਹੀਦੀਆਂ ਹਨ ਅਤੇ ਗੁਰਬਾਣੀ ਪੜ੍ਹਨੀ ਚਾਹੀਦੀ ਹੈ ਅਤੇ ਆਪਣੇ ਬੱਚਿਆਂ ਨੂੰ ਵੀ ਗੁਰੂ ਘਰ ਲੈਕੇ ਆਉਣਾ ਚਾਹੀਦਾ ਹੈ ਅਤੇ ਗੁਰਮਤਿ ਦੀ ਸੰਥਿਆ ਦੇਣੀ ਚਾਹੀਦੀ ਹੈ , ਸਮਾਪਤੀ ਮੌਕੇ ਆਈਆਂ ਸੰਗਤਾਂ ਨੂੰ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ ਅਤੇ ਬਾਬਾ ਸੁੱਖਾ ਸਿੰਘ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।

**ਆਪਣੇ ਜੀਵਨ ਨੂੰ ਸਫ਼ਲ ਕਰਨ ਲਈ ਸਾਨੂੰ ਸਭ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕਿ ਬਾਣੀ ਬਾਣੇ ਦੇ ਧਾਰਨੀ ਹੋਣਾ ਚਾਹੀਦਾ-ਬਾਬਾ ਸੁੱਖਾ ਸਿੰਘ**

### ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਐਸ ਸੀ ਵਿੰਗ ਨੇ

# 14 ਜਿਲ੍ਹਾ ਪ੍ਰਧਾਨ ਐਲਾਨੇ- ਸ ਹਰਵੇਲ ਸਿੰਘ ਮਾਧੋਪੁਰ

**ਚੰਡੀਗੜ੍ਹ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਐੱਸ ਸੀ ਵਿੰਗ ਪ੍ਰਧਾਨ ਸ ਹਰਵੇਲ ਸਿੰਘ ਮਾਧੋਪੁਰ ਨੇ ਇਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਸ ਸੀ ਵਿੰਗ ਦੇ ਜਿਲ੍ਹਾ ਪ੍ਰਧਾਨਾਂ ਦਾ ਐਲਾਨ ਕੀਤਾ ਗਿਆ ਹੈ। ਚੌਧਾਂ ਪ੍ਰਧਾਨਾਂ ਦੀ ਜਾਰੀ ਕੀਤੀ ਗਈ ਪਹਿਲੀ ਸੂਚੀ ਦਰਜ ਨਾਮ ਹੇਠ ਲਿਖੇ ਅਨੁਸਾਰ ਹਨ-

1, ਸ੍ਰੀ ਅੰਮ੍ਰਿਤਸਰ ਸਾਹਿਬ ਦਿਹਾਤੀ - ਸ.ਸੁਖਚੈਨ ਸਿੰਘ ਨੇਸ਼ਤਾ।
2, ਸ੍ਰੀ ਅੰਮ੍ਰਿਤਸਰ ਸਾਹਿਬ ਸ਼ਹਿਰੀ - ਸ੍ਰੀ ਸੁਰਿੰਦਰ ਕੁਮਾਰ ਭਟੀ।
3, ਸ੍ਰੀ ਫਤਹਿਗੜ ਸਾਹਿਬ - ਸ. ਅਜਮੇਰ ਸਿੰਘ ਬਡਲਾ
4, ਮੋਹਾਲੀ - ਸ. ਭਗਤ ਸਿੰਘ ਖਰੜ।
5, ਬਠਿੰਡਾ - ਸ. ਬਾਬੂ ਸਿੰਘ ਰੋਮਾਣਾ।
6, ਹੁਸ਼ਿਆਰਪੁਰ - ਸ. ਸੁਖਵਿੰਦਰ ਸਿੰਘ ਮੂਨਕ।
7, ਮਲੇਰਕੋਟਲਾ - ਸ. ਜਗਜੀਤ ਸਿੰਘ ਹਥਨ।
8, ਬਰਨਾਲਾ - ਸ. ਗੁਰਜੀਤ ਸਿੰਘ ਖੁਡੀ।
9, ਗੁਰਦਾਸਪੁਰ ਦਿਹਾਤੀ - ਸ. ਜਸਪਾਲ ਸਿੰਘ।
10, ਗੁਰਦਾਸਪੁਰ ਸ਼ਹਿਰੀ - ਸ. ਕਰਨੈਲ ਸਿੰਘ ਡੋਡੀਆ।
11, ਪਠਾਨਕੋਟ ਦਿਹਾਤੀ - ਸ੍ਰੀ ਮਕਲਾਲ ਦਾਸ।
12, ਪਠਾਨਕੋਟ ਸ਼ਹਿਰੀ - ਸ. ਓਂਕਾਰ ਸਿੰਘ
13, ਫਾਜਿਲਕਾ - ਸ. ਗੁਰਮੇਲ ਸਿੰਘ ਮਹੂਆਣਾ।
14, ਲੁਧਿਆਣਾ ਦਿਹਾਤੀ - ਸ. ਹਰਜਿੰਦਰ ਸਿੰਘ ਮੋਹੀ।

ਸ ਮਾਧੋਪੁਰ ਨੇ ਕਿਹਾ ਕਿ ਇਹਨਾਂ ਨਿਯੁਕਤੀਆਂ ਨਾਲ ਪਾਰਟੀ ਦੇ ਐਸ ਸੀ ਵਿੰਗ ਨੂੰ ਜਿਲੇਵਾਰ ਮਜਬੂਤੀ ਮਿਲੇਗੀ ਜਿਸ ਨਾਲ ਪਾਰਟੀ ਆਮ ਅਤੇ ਦੱਬੇ ਕੁਚਲੇ ਲੋਕਾਂ ਵਿੱਚ ਆਪਣੀ ਪਹੁੰਚ ਬਣਾਏਗੀ। ਉਹਨਾਂ ਕਿਹਾ ਕਿ ਬਾਕੀ ਰਹਿੰਦੀਆਂ ਨਿਯੁਕਤੀਆਂ ਦਾ ਐਲਾਨ ਵੀ ਜਲਦ ਹੀ ਕਰ ਦਿੱਤਾ ਜਾਵੇਗਾ। ਨਵਨਿਯੁਕਤ ਜਿਲ੍ਹਾ ਪ੍ਰਧਾਨਾਂ ਨੂੰ ਵਧਾਈ ਦਿੰਦਿਆਂ ਸ ਮਾਧੋਪੁਰ ਨੇ ਆਸ ਪ੍ਰਗਟਾਈ ਕਿ ਉਹ ਪਾਰਟੀ ਲਈ ਹੋਰ ਵੀ ਇਮਾਨਦਾਰੀ ਅਤੇ ਉਤਸ਼ਾਹ ਨਾਲ ਕੰਮ ਕਰਨਗੇ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ।







# ਬੰਦੀ ਸਿੰਘਾਂ ਨਾਲ ਬੇਇਨਸਾਫ਼ੀ ’ਤੇ ਭੜਕੀਆਂ ਜਰਮਨੀ ਦੀਆਂ ਪੰਥਕ ਜਥੇਬੰਦੀਆਂ, ਦਿੱਲੀ ਤੇ ਪੰਜਾਬ ਸਰਕਾਰ ਵਿਰੁੱਧ ਉੱਠੇ ਬਗ਼ਾਵਤੀ ਸੁਰ; ਮੰਤਰੀਆਂ ਨੂੰ ਵਿਦੇਸ਼ਾਂ ’ਚ ਘੇਰਨ ਦੀ ਚੇਤਾਵਨੀ



ਨਵੀਂ ਦਿੱਲੀ 18 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਰਕਾਰ ਵੱਲੋਂ ਭਾਈ ਜਗਤਾਰ ਸਿੰਘ ਹਵਾਰਾ ਦੀ ਪੰਜਾਬ ਜੇਲ੍ਹ ਬਦਲੀ ਦਾ ਸ਼ਰੇਆਮ ਵਿਰੋਧ ਕੀਤੇ ਜਾਣ ਅਤੇ ਪੰਜਾਬ ਸਰਕਾਰ ਵੱਲੋਂ ਬੰਦੀ ਸਿੰਘਾਂ ਪ੍ਰਤੀ ਧਾਰੀ ਗੈਰ-ਸੰਜੀਦਾ ਪਹੁੰਚ ਤੋਂ ਬਾਅਦ ਵਿਦੇਸ਼ੀ ਪੰਥਕ ਹਲਕਿਆਂ ਵਿੱਚ ਰੋਸ ਦੀ ਚੰਗਿਆੜੀ ਭੜਕ ਉੱਠੀ ਹੈ। ਇਸੇ ਤਹਿਤ ਜਰਮਨੀ ਦੀਆਂ ਪੰਥਕ ਜਥੇਬੰਦੀਆਂ—ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ ਤੇ ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ ਤੇ ਭਾਈ ਅਵਤਾਰ ਸਿੰਘ ਬੱਬਰ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ ਦੇ ਭਾਈ ਹਰਮੀਤ ਸਿੰਘ ਤੇ ਭਾਈ ਅੰਗਰੇਜ਼ ਸਿੰਘ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਰਮਨੀ ਦੇ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ—ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਕੇਂਦਰ, ਦਿੱਲੀ ਅਤੇ ਪੰਜਾਬ ਸਰਕਾਰ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕੀਤਾ ਹੈ। ?ਪੰਥਕ ਆਗੂਆਂ ਨੇ ਸਰਕਾਰਾਂ ਦੀ ਤਿਕੜੀ ਨੂੰ ਆੜੇ ਹੱਥੀਂ ਲੈਂਦਿਆਂ ਆਖਿਆ ਕਿ ਇੱਕ ਪਾਸੇ ਭਾਈ ਹਵਾਰਾ ਦੇ ਮਾਤਾ ਜੀ ਮੌਤ ਨਾਲ ਪਲ-ਪਲ ਲੜ ਰਹੇ ਹਨ ਅਤੇ ਅਜਿਹੇ ਨਾਜ਼ੁਕ ਮਾਨਵੀ ਸਮੇਂ ਵਿੱਚ ਉਨ੍ਹਾਂ ਨੂੰ ਪੂਰਨ ਰਿਹਾਈ ਤਾਂ ਦੂਰ, ਬਣਦੀ ਪੈਰੋਲ ਤੱਕ ਨਾ ਦੇਣਾ ਮਨੁੱਖੀ ਅਧਿਕਾਰਾਂ ਦਾ ਸ਼ਰੇਆਮ ਕਤਲ ਹੈ। ਦੂਜੇ ਪਾਸੇ ਭਾਈ ਪਰਮਜੀਤ ਸਿੰਘ ਭਿਓਰਾ ਦੀ ਬਣਦੀ ਛੁੱਟੀ ਵਾਸਤੇ ਬੁੜੈਲ ਜੇਲ੍ਹ ਸੁਪਰਟੈਂਡੈਂਟ ਵੱਲੋਂ ਇੱਕ-ਦੋ ਵਾਰ ਨਹੀਂ ਬਲਕਿ ਛੇ-ਛੇ ਵਾਰ ਰਿਮਾਈਂਡਰ ਭੇਜੇ ਜਾਣ ਦੇ ਬਾਵਜੂਦ, ਪੰਜਾਬ ਸਰਕਾਰ ਦੀ ਖੋਟੀ ਨੀਅਤ ਅਤੇ ਕੜੱਤਣ ਕਰਕੇ ਉਨ੍ਹਾਂ ਦੀ ਛੁੱਟੀ ਪ੍ਰਵਾਨ ਨਹੀਂ ਕੀਤੀ ਜਾ ਰਹੀ, ਜੋ ਕਿ ਪੰਜਾਬ ਸਰਕਾਰ ਦੇ ਸਿੱਖ ਵਿਰੋਧੀ ਚਿਹਰੇ ਨੂੰ ਨੰਗਾ ਕਰਦੀ ਹੈ। ?ਜਥੇਬੰਦੀਆਂ ਨੇ ਬੇਹੱਦ ਤਲਖ਼ ਅਤੇ ਚੇਤਾਵਨੀ ਭਰੇ ਲਹਿਜੇ ਵਿੱਚ ਦਿੱਲੀ ਸਰਕਾਰ ’ਚ ਸ਼ਾਮਲ ਸਿੱਖ ਮੰਤਰੀਆਂ ਨੂੰ ਰਗੜੇ ਲਾਉਂਦਿਆਂ ਆਖਿਆ ਕਿ ਆਪਣੀਆਂ ਕੁਰਸੀਆਂ ਬਚਾਉਣ ਲਈ ਸਿੱਖ ਮਸਲਿਆਂ ਉੱਤੇ ਜ਼ਮੀਰ ਵੇਚ ਕੇ ਬੈਠੀ ਉਨ੍ਹਾਂ ਦੀ ਇਹ ਚੁੱਪ ਕੌਮ ਵਾਸਤੇ ਸਭ ਤੋਂ ਵੱਡੀ ਗੱਦਾਰੀ ਸਾਬਤ ਹੋ ਰਹੀ ਹੈ। ਪੰਥਕ ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਸੱਤਾ ਦੇ ਹੰਕਾਰ ਵਿੱਚ ਮਸਤ ਇਹ ਮੰਤਰੀ ਹੁਣ ਕੌਮ ਦੀ ਅਦਾਲਤ ਤੋਂ ਬਚ ਨਹੀਂ ਸਕਣਗੇ ਅਤੇ ਜਦੋਂ ਵੀ ਇਹ ਆਗੂ ਆਪਣੇ ਵਿਦੇਸ਼ੀ ਦੌਰਿਆਂ ਉੱਤੇ ਬਾਹਰ ਨਿਕਲਣਗੇ ਤਾਂ ਉਨ੍ਹਾਂ ਦਾ ਪਲੇਟਫਾਰਮਾਂ ਉੱਤੇ ਜ਼ਬਰਦਸਤ ਘੇਰਾਓ ਕਰਕੇ ਤਿੱਖਾ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਮੰਤਰੀਆਂ ਦੀ ਖਾਮੋਸ਼ੀ ਇਨ੍ਹਾਂ ਦਾ ਪਿੱਛਾ ਨਹੀਂ ਛੱਡੇਗੀ ਅਤੇ ਵਿਦੇਸ਼ੀ ਧਰਤੀ ਉੱਤੇ ਇਨ੍ਹਾਂ ਤੋਂ ਇੱਕ-ਇੱਕ ਧੱਕੇਸ਼ਾਹੀ ਦਾ ਹਿਸਾਬ ਮੰਗ ਕੇ ਇਨ੍ਹਾਂ ਨੂੰ ਸ਼ਰਮਸਾਰ ਕੀਤਾ ਜਾਵੇਗਾ।

# ਕਾਂਝਲਾ ,ਭੁੱਲਰ ,ਜਵੰਦਾ ਅਤੇ ਸਰਪੰਚ ਘਨੌਰੀ ਨੇ ਚੇਅਰਮੈਨ ਘੁੱਲੀ ਨੂੰ ਦੁਬਾਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਬਣਨ ਤੇ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਜਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ, ਰਣਯੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ ਅਤੇ ਸਰਪੰਚ ਅੰਮ੍ਰਿਤ ਚਹਿਲ ਮੈਬਰ ਜਿਲ੍ਹਾ ਪ੍ਰੀਸ਼ਦ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਦੁਬਾਰਾ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ ਤੇ ਮਾਰਕੀਟ ਕਮੇਟੀ ਵਿੱਚ ਪਹੁੰਚ ਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਸੇਵਾ ਨੂੰ ਉਹ ਤਨ ਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਜਿਵੇਂ ਹੀ ਪਿਛਲੇ ਤਿੰਨ ਸਾਲਾਂ ਵਿੱਚ ਉਹਨਾਂ ਵੱਲੋਂ ਮਾਰਕੀਟ ਕਮੇਟੀ ਦੇ ਅੰਦਰ ਆਉਂਦੀਆਂ ਮੰਡੀਆਂ ਦੇ ਫੜਾ ਨੂੰ ਪੱਕਾ ਕਰਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਉਸੇ ਹੀ ਤਰਾਂ ਆਉਣ ਵਾਲੀ ਸਮੇਂ ਵਿੱਚ ਰਹਿੰਦੀਆਂ ਮੰਡੀਆਂ ਨੂੰ ਹੋਰ ਸਹੂਲਤਾਂ ਦੇ ਕੇ ਕਾਮਯਾਬ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ। ਇਸ ਮੌਕੇ ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਗੋਬਿੰਦ, ਆਪ ਆਗੂ ਹਰਪਰੀਤ ਸਿੰਘ ਗਿੱਲ, ਅਰਵਿੰਦ ਨਾਭਾ, ਦੱਤਾ ਨਾਭਾ, ਚਾਹਤ ਧੂਰੀ ਮੁਲਾਜਮ ਮੁਖ ਮੰਤਰੀ ਤੀਰਥ ਬੱਸ ਯੋਜਨਾ ਹਾਜ਼ਰ ਸਨ।

ਨੌਜਵਾਨ ਕੀਰਤਨ ਸੇਵਾ ਸੁਸਾਇਟੀ, ਅੰਮ੍ਰਿਤਸਰ (ਅਚਲੀ ਗੇਟ) ਵੱਲੋਂ ਕਰਵਾਏ ਗਏ ਮਹਾਨ ਗੁਰਮਤਿ ਸਮਾਗਮ ਦੌਰਾਨ

# ਪੰਥ ਪ੍ਰਸਿੱਧ ਵਿਦਵਾਨ, ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸਰਦਾਰ ਭਗਵਾਨ ਸਿੰਘ ਜੌਹਲ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ



ਮਹਾਨ ਗੁਰਮਤਿ ਸਮਾਗਮ ਦੌਰਾਨ ਨੌਜਵਾਨ ਕੀਰਤਨ ਸੇਵਾ ਸੁਸਾਇਟੀ ਵੱਲੋਂ ਸਰਦਾਰ ਭਗਵਾਨ ਸਿੰਘ ਜੌਹਲ ਜੀ ਨੂੰ ਵਿਸ਼ੇਸ਼ ਸਨਮਾਨ ਨਾਲ ਸਨਮਾਨਿਤ ਕਰਦੇ ਹੋਏ।

**ਅੰਮ੍ਰਿਤਸਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਵਿਸ਼ੇਸ਼ ਤੌਰ ਤੇ ਸਜੇ ਦੀਵਾਨ ਵਿੱਚ ਨੌਜਵਾਨ ਕੀਰਤਨ ਸੇਵਾ ਸੁਸਾਇਟੀ, ਅੰਮ੍ਰਿਤਸਰ (ਅਚਲੀ ਗੇਟ) ਵੱਲੋਂ ਕਰਵਾਏ ਗਏ ਮਹਾਨ ਗੁਰਮਤਿ ਸਮਾਗਮ ਦੌਰਾਨ ਪੰਥ ਪ੍ਰਸਿੱਧ ਵਿਦਵਾਨ, ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸਰਦਾਰ ਭਗਵਾਨ ਸਿੰਘ ਜੌਹਲ ਜੀ ਨੂੰ ਵਿਸ਼ੇਸ਼ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਪੰਥ ਪ੍ਰਸਿੱਧ ਕੀਰਤਨੀਏ ਭਾਈ ਸਾਹਿਬ ਭਾਈ ਮਨਪ੍ਰੀਤ ਸਿੰਘ ਜੀ ਕਾਨ੍ਹਪੁਰੀ, ਭਾਈ ਸਰਵਜੀਤ ਸਿੰਘ ਜੀ ਪਟਨਾ ਸਾਹਿਬ, ਭਾਈ ਜਗਜੀਤ ਸਿੰਘ ਜੀ ਬਬੀਹਾ, ਭਾਈ ਮਨਪ੍ਰੀਤ ਸਿੰਘ ਜੀ ਲੁਧਿਆਣਾ, ਭਾਈ ਪਰਮਜੀਤ ਸਿੰਘ ਜੀ ਖਾਲਸਾ ਜੀ ਹਾਜ਼ਰ ਸਨ। ਇਸ ਦੌਰਾਨ ਸੁਸਾਇਟੀ ਦੇ ਨੌਜਵਾਨਾਂ ਸਰਦਾਰ ਕਿਰਪਾਲ ਸਿੰਘ, ਪਰਮਜੀਤ ਸਿੰਘ ਜੀ ਖਾਲਸਾ, ਮਾਸਟਰ ਜੋਗਿੰਦਰ ਸਿੰਘ ਅਤੇ ਹੋਰ ਉੱਚ ਸ਼ਖ਼ਸੀਅਤਾਂ ਵੱਲੋਂ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਹ ਕੀਰਤਨ ਸਮਾਗਮ ਦੇਰ ਰਾਤ ਤੱਕ ਚਲਦਾ ਰਿਹਾ।

ਸੀਬੀਐਸਈ ਕਲਸਟਰ ਨੌਰਥ ਜੋਨ ਦੀ ਹਾਕੀ ਚੈਂਪੀਅਨਸ਼ਿਪ ਵਿੱਚ

# ਸੇਂਟ ਸੋਲਜਰ ਦੇ ਖਿਡਾਰੀਆਂ ਨੇ ਇਤਿਹਾਸਕ ਜਿੱਤ ਦਰਜ ਕੀਤੀ





**ਜੰਡਿਆਲਾ ਗੁਰੂ, 18 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੀ ਹਾਕੀ ਦੀ ਟੀਮ ਨੇ ਇਤਿਹਾਸਿਕ ਜਿੱਤ ਦਰਜ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਸੀਬੀਐਸਈ ਬੋਰਡ ਦੀਆਂ 18ਵੀਆਂ ਕਲਸਟਰ ਨੌਰਥ ਜੋਨ ਖੇਡਾਂ ਵਿੱਚ ਹਾਕੀ ਚੈਂਪੀਅਨਸ਼ਿਪ ਖਾਲਸਾ ਅਕੈਡਮੀ ਮਹਿਤਾ ਚੌਂਕ ਅੰਮ੍ਰਿਤਸਰ ਵਿਚ ਆਯੋਜਿਤ ਕੀਤੀ ਗਈ ।ਜਿਸ ਵਿੱਚ ਨੌਰਥ ਜੋਨ ਦੀਆਂ ਲਗਭਗ 28 ਟੀਮਾਂ ਨੇ ਭਾਗ ਲਿਆ। ਇਸ ਚੈਂਪੀਅਨਸ਼ਿਪ ਵਿੱਚ ਸੇਂਟ ਸੋਲਜਰ ਸਕੂਲ ਦੀ ਅੰਡਰ 17 ਦੀ ਟੀਮ ਨੇ ਆਪਣੀ ਸ਼ਾਨਦਾਰ ਖੇਡ ਦਾ ਮੁਜਾਹਰਾ ਕਰਦਿਆਂ ਸੈਕੰਡ ਰਨਰ ਅਪ ਟਰੋਫੀ ਤੇ ਕਬਜ਼ਾ ਕੀਤਾ। ਅਤੇ ਇਸ ਦੇ ਨਾਲ ਹੀ ਸਕੂਲ ਲਈ ਮਾਣ ਅਤੇ ਬੜੀ ਹੀ ਖੁਸ਼ੀ ਵਾਲੀ ਗੱਲ ਰਹੀ ਕਿ ਸੇਂਟ ਸੋਲਜਰ ਦੀ ਟੀਮ ਦੇ ਖਿਡਾਰੀ ਯੁਵਰਾਜ ਸਿੰਘ, ਤਨਵੀਰ ਸਿੰਘ ਅਤੇ ਈਸ਼ਮੀਤ ਸਿੰਘ ਨੈਸ਼ਨਲ ਲੈਵਲ ਚੈਂਪੀਅਨਸ਼ਿਪ ਵਾਸਤੇ ਚੁਣੇ ਗਏ। ਵਰਨ ਯੋਗ ਹੈ ਕਿ ਭਾਰਤੀ ਹਾਕੀ ਟੀਮ ਦਾ ਕਪਤਾਨ ਹਰਮਨਪ੍ਰੀਤ ਸਿੰਘ ਵੀ ਸੇਂਟ ਸੋਲਜਰ ਸਕੂਲ ਦਾ ਵਿਦਿਆਰਥੀ ਰਿਹਾ। ਅਤੇ ਸਕੂਲ ਤੋਂ ਹੀ ਉਸ ਨੇ ਹਾਕੀ ਦੀ ਸ਼ੁਰੂਆਤ ਕੀਤੀ ।ਇਸੇ ਤਹਿਤ ਸਕੂਲ ਵਿੱਚ ਸੇਂਟ ਸੋਲਜਰ ਦੇ ਨਾਂ ਤੇ ਹਾਕੀ ਅਕੈਡਮੀ ਵੀ ਚੱਲ ਰਹੀ ਹੈ ਜਿੱਥੇ ਸਵੇਰੇ ਸ਼ਾਮ ਖਿਡਾਰੀ, ਕੋਚ ਸਰ ਦੀ ਨਿਗਰਾਨੀ ਵਿੱਚ ਲਗਾਤਾਰ ਪ੍ਰੈਕਟਿਸ ਕਰਦੇ ਹਨ। ਸਕੂਲ ਪਹੁੰਚਣ ਤੇ ਟੀਮ ਦੇ ਖਿਡਾਰੀਆਂ ਤੇ ਕੋਚ ਨਵਦੀਪ ਸਰ ਦਾ ਫੁੱਲਾਂ ਦੇ ਹਾਰ ਪਾ ਕੇ ਢੋਲ ਢਮੱਕੇ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਨੇ ਸਮੁੱਚੀ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ,ਮਿਹਨਤ, ਸਮਰਪਣ ਦੀ ਖੂਬ ਤਾਰੀਫ ਕਰਦਿਆਂ ਵਧਾਈ ਅਤੇ ਸ਼ਾਬਾਸ਼ੀ ਦਿੱਤੀ। ਓਹਨਾ ਨੇ ਟੀਮ ਦੇ ਕੋਚ ਸ. ਨਵਦੀਪ ਸਿੰਘ(ਹਾਕੀ ਕੋਚ) ਦਾ ਉਹਨਾਂ ਦੀ ਸ਼ਾਨਦਾਰ ਅਗਵਾਈ, ਖਿਡਾਰੀਆਂ ਦਾ ਸਹੀ ਮਾਰਗਦਰਸ਼ਨ, ਮਿਹਨਤ ਹੌਸਲੇ, ਅਤੇ ਬੈਸਟ ਕੋਚਿੰਗ ਲਈ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਜਿਨਾਂ ਦੀ ਕੋਚਿੰਗ ਦਾ ਸਦਕਾ ਖਿਡਾਰੀਆਂ ਨੇ ਇਹ ਮਾਣਮੱਤਾ ਖਿਤਾਬ ਆਪਣੇ ਨਾਮ ਕੀਤਾ।ਉਹਨਾਂ ਨੇ ਖਿਡਾਰੀਆਂ ਨੂੰ ਲਗਾਤਾਰ ਮਿਹਨਤ ਕਰਦੇ ਰਹਿਣ ਅਤੇ ਨੈਸ਼ਨਲ ਲੈਵਲ ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਉਤਸਾਹਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਕੁਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਖਿਡਾਰੀ ਲਗਾਤਾਰ ਮਿਹਨਤ ਕਰਦੇ ਰਹਿਣ ਤੇ ਨੈਸ਼ਨਲ ਲੈਵਲ ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਸੁਭਕਾਮਨਾਵਾਂ ਡਾ: ਮੰਗਲ ਸਿੰਘ ਕਿਸ਼ਨਪੁਰੀ**

# ਮਹਿਤਾ ਪੁਲੀਸ ਨੇ ਬਰਾਤ ਰੂਪੀ ਨਗਰ ਕੀਰਤਨ ਦਾ ਕੀਤਾ ਨਿੱਘਾ ਸਵਾਗਤ, ਪੁਲੀਸ ਦੀ ਟੁਕੜੀ ਨੇ ਪਾਲਕੀ ਸਾਹਿਬ ਨੂੰ ਦਿੱਤੀ ਸਲਾਮੀ





**ਚੌਂਕ ਮਹਿਤਾ, 18 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋਏ ਬਰਾਤ ਰੂਪੀ ਨਗਰ ਕੀਰਤਨ ਦਾ ਅੱਜ ਕਸਬਾ ਚੌਂਕ ਮਹਿਤਾ ਵਿਖੇ ਪਹੁੰਚਣ ਤੇ ਥਾਣਾ ਮਹਿਤਾ ਦੀ ਪੁਲੀਸ ਅਤੇ ਇਲਾਕੇ ਦੀ ਸੰਗਤ ਦੇ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਡੀ.ਐਸ.ਪੀ. ਪਵਨ ਕੁਮਾਰ ਅਤੇ ਐੱਸ.ਐੱਚ.ਓ. ਸਿਮਰਨਜੀਤ ਕੌਰ ਦੀ ਅਗਵਾਈ ਵਿੱਚ ਪੁਲੀਸ ਦੀ ਇਕ ਟੁਕੜੀ ਵੱਲੋਂ ਪਾਲਕੀ ਸਾਹਿਬ ਨੂੰ ਸਲਾਮੀ ਦਿੱਤੀ ਗਈ ਅਤੇ ਸੰਗਤ ਦੇ ਛਕਣ ਲਈ ਲੰਗਰ ਲਗਾਏ ਗਏ। ਡੀ.ਐਸ.ਪੀ. ਪਵਨ ਕੁਮਾਰ ਅਤੇ ਐੱਸ.ਐੱਚ.ਓ. ਸਿਮਰਨਜੀਤ ਕੌਰ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਈ ਰੁਮਾਲਾ ਸਾਹਿਬ ਭੇਟ ਕੀਤਾ ਅਤੇ ਪੰਜ ਪਿਆਰੇ ਸਾਹਿਬਾਨਾਂ ਨੂੰ ਸਿਰੋਪਾਓ ਭੇਟ ਕਰਕੇ ਸਨਾਮਨਿਤ ਕੀਤਾ। ਇਥੇ ਗੱਲਬਾਤ ਕਰਦਿਆਂ ਡੀ.ਐਸ.ਪੀ. ਪਵਨ ਕੁਮਾਰ ਨੇ ਵਿਆਹ ਪੁਰਬ ਨੂੰ ਲੈਕੇ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਆਖਿਆ ਕਿ ਸੁਰੱਖਿਆ ਦੇ ਮੱਦੇਨਜਰ ਕਰੜੇ ਪ੍ਰਬੰਧ ਅਤੇ ਟਰੈਫਿਕ ਦੀ ਸਮੱਸਿਆ ਨਾਲ ਨਜਿੱਠਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨਾਂ ਨੇ ਨਗਰ ਕੀਰਤਨ ਵਿੱਚ ਸ਼ਾਮਲ ਹੋਣ ਵਾਲੀ ਸੰਗਤਾਂ ਨੂੰ ਸਹਿਜਤਾ ਅਤੇ ਹਲੀਮੀ ਨਾਲ ਦਰਸ਼ਨ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਲੈਣ ਦਾ ਸੁਨੇਹਾ ਦਿੱਤਾ।

# ਡੇਂਗੂ-ਸਰਵੇ ਕਰਦੇ ਹੋਏ ਲੋਕਾਂ ਨੂੰ ਡੇਂਗੂ ਤੋਂ ਬਚਾਅ ਪ੍ਰਤੀ ਕੀਤਾ ਗਿਆ ਜਾਗਰੂਕ



**ਜਲੰਧਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਡੇਂਗੂ ਰੋਕਥਾਮ ਦੇ ਮੱਦੇਨਜ਼ਰ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਹੁਕਮਾਂ ਤਹਿਤ ਸਿਵਲ ਸਰਜਨ ਡਾ. ਰਾਜੇਸ਼ ਗਰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐਂਟੀ ਡੇਂਗੂ ਮੁਹਿੰਮ ਗਤੀਵਿਧੀਆਂ ਅਧੀਨ ਸ਼ੁੱਕਰਵਾਰ ਨੂੰ ਜ਼ਿਲ੍ਹੇ ਭਰ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ, ਆਸ਼ਾ ਵਰਕਰਾਂ ਅਤੇ ਨਰਸਿੰਗ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਦੌਰਾਨ ਟੀਮਾਂ ਵੱਲੋਂ ਵੱਖ-ਵੱਖ ਨਰਸਰੀਆਂ, ਰਿਹਾਇਸ਼ੀ ਪਲਾਟਾਂ ਅਤੇ ਘਰਾਂ ਵਿੱਚ ਮੱਛਰ ਦੇ ਪੈਦਾ ਹੋਣ ਵਾਲੇ ਸੰਭਾਵਿਤ ਸਰੋਤਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਡੇਂਗੂ ਲਾਰਵਾ ਦੀ ਸ਼ਨਾਖਤ ਹੋਣ ‘ਤੇ ਉਸ ਨੂੰ ਨਿਰਧਾਰਿਤ ਵਿਧੀ ਨਾਲ ਟੀਮਾਂ ਵੱਲੋਂ ਨਸ਼ਟ ਕਰ ਦਿੱਤਾ ਗਿਆ, ਨਾਲ ਹੀ ਲੋਕਾਂ ਨੂੰ ਡੇਂਗੂ ਤੋਂ ਬਚਾਅ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਜ਼ਰੂਰੀ ਸਾਵਧਾਨੀਆਂ ਸੰਬੰਧੀ ਜਾਣਕਾਰੀ ਦਿੱਤੀ ਗਈ। ਜਿਲ੍ਹਾ ਐਪੀਡਿਮੋਲੋਜਿਸਟ ਡਾ. ਅਦਿੱਤਿਆਪਾਲ ਨੇ “ਐਂਟੀ ਡੇਂਗੂ ਮੁਹਿੰਮ” ਸੰਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਭ ਦੇ ਸਾਂਝੇ ਸਹਿਯੋਗ ਨਾਲ ਡੇਂਗੂ ਦੇ ਫੈਲਾਅ ਨੂੰ ਵਧਣ ਤੋਂ ਰੋਕਿਆ ਜਾ ਸਕਦਾ ਹੈ। ਡੇਂਗੂ ਮੱਛਰ ਦਾ ਲਾਰਵਾ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ, ਇਸ ਲਈ ਡੇਂਗੂ ਤੋਂ ਬਚਾਅ ਲਈ ਆਪਣੇ ਘਰਾਂ-ਦਫ਼ਤਰਾਂ ਦੇ ਆਲੇ-ਦੁਆਲੇ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਕੂਲਰਾਂ ਵਿੱਚਲਾ ਪਾਣੀ ਹਫਤੇ ਵਿੱਚ ਇਕ ਵਾਰ ਜਰੂਰ ਬਦਲਿਆ ਜਾਵੇ, ਗਮਲਿਆਂ, ਟੁੱਟੇ-ਭੱਜੇ ਬਰਤਨਾਂ, ਘਰਾਂ-ਦਫਤਰਾਂ ਦੀਆਂ ਛੱਤਾਂ ’ਤੇ ਰੱਖੇ ਟਾਈਰਾਂ ਆਦਿ ਥਾਵਾਂ ਉੱਤੇ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ। ਪੰਛੀਆਂ ਦੇ ਪਾਣੀ ਪੀਣ ਲਈ ਰੱਖੇ ਬਰਤਨਾਂ ਵਿਚਲਾ ਪਾਣੀ ਵੀ ਜਰੂਰ ਬਦਲਦੇ ਰਹਿਣਾ ਚਾਹੀਦਾ ਹੈ। ਡੇਂਗੂ ਤੋਂ ਬਚਾਅ ਲਈ ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਢੱਕਿਆ ਰਹੇ, ਸੋਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕੀਤਾ ਜਾਵੇ। ਜਿਲ੍ਹਾ ਐਪੀਡਿਮੋਲੋਜਿਸਟ ਵੱਲੋਂ ਜਾਣਕਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸ਼ੁੱਕਰਵਾਰ ਨੂੰ ਜ਼ਿਲ੍ਹੇ ਵਿਚ 2169 ਘਰਾਂ ਵਿੱਚ ਪਹੁੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਜਿਸ ਵਿੱਚ 1524 ਪੇਂਡੂ ਖੇਤਰ ਦੇ ਅਤੇ 645 ਘਰ ਸ਼ਹਿਰੀ ਖੇਤਰ ਦੇ ਸ਼ਾਮਿਲ ਹਨ। ਇਸ ਦੌਰਾਨ 10 ਥਾਂਵਾਂ ‘ਤੇ ਡੇਂਗੂ ਲਾਰਵਾ ਮਿਲਿਆ ਜਿਸਨੂੰ ਟੀਮਾਂ ਵੱਲੋਂ ਨਿਰਧਾਰਿਤ ਵਿਧੀ ਨਾਲ ਨਸ਼ਟ ਕਰ ਦਿੱਤਾ ਗਿਆ। ਡੇਂਗੂ ਦੀ ਰੋਕਥਾਮ ਲਈ ਵਿਭਾਗ ਦੀਆਂ ਟੀਮਾਂ ਵੱਲੋਂ ਦਵਾਈ ਦਾ ਛਿੜਕਾਅ ਵੀ ਕੀਤਾ ਗਿਆ।